ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਐਤਵਾਰ, 9 ਜੂਨ 2024 (ਨਾਨਕਸ਼ਾਹੀ ਸੰਮਤ : ੫੫੬, ੨੭ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਆਉਣ ਵਾਲੇ ਸ਼ਰਧਾਲੂਆਂ ਲਈ ਸ਼੍ਰੋਮਣੀ ਨੇ ਜਾਰੀ ਕੀਤੇ ਨਵੇਂ ਆਦੇਸ਼

**ਅੰਮ੍ਰਿਤਸਰ, 8 ਜੂਨ (ਆਵਾਜ਼ਿ ਕੌਮ ਬਿਊਰੋ)**-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਆਉਣ ਵਾਲੇ ਸ਼ਰਧਾਲੂਆਂ ਲਈ ਨਵੇਂ ਆਦੇਸ਼ ਜਾਰੀ ਹੋਏ ਹਨ। ਦੱਸ ਦੇਈਏ ਕਿ ਐੱਸ. ਜੀ. ਪੀ. ਸੀ. ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਨੇ ਜਾਣਕਾਰੀ ਦਿੰਦਿਆ ਕਿਹਾ ਕਿ ਹੁਣ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪਰਿਕਰਮਾ 'ਚ ਮੋਬਾਈਲ ਫੋਨ ਬੰਦ ਕਰਨਾ ਪਵੇਗਾ। ਉਨ੍ਹਾਂ ਕਿਹਾ ਇਸ ਪਵਿੱਤਰ ਅਸਥਾਨ ਨੂੰ ਕੁਝ ਲੋਕ ਪਿਕਨਿਕ ਸਪੌਟ ਸਮਝਦੇ ਹਨ ਅਤੇ ਵੀਡੀਓਗ੍ਰਾਫੀ ਕਰਦੇ ਹਨ। ਸ਼ਰਾਰਤੀ ਲੋਕ ਵੀਡੀਓ ਜਾਂ ਰੀਲ ਬਣਾ ਕੇ ਉਸ ਦੇ ਗੀਤ ਹੋਰ ਤਰ੍ਹਾਂ ਲਗਾ ਦਿੰਦੇ ਹਨ ਜੋ ਪ੍ਰਵਾਨਿਤ ਨਹੀਂ ਹਨ। ਐਡਵੋਕੇਟ ਭਗਵੰਤ ਸਿੰਘ ਸਿਆਲਕਾ ਨੇ ਕਿਹਾ ਅਜਿਹੇ ਲੋਕਾਂ ਕਾਰਨ ਸਾਨੂੰ ਅਜਿਹਾ ਫੈਸਲਾ ਲੈਣਾ ਪਿਆ ਹੈ। ਉਨ੍ਹਾਂ ਕਿਹਾ ਕਿ ਅੱਜ ਕੱਲ੍ਹ ਹਰ ਬੰਦੇ ਕੋਲ ਮੋਬਾਇਲ ਫੋਨ ਹੈ , ਜਿਸ 'ਚ ਕੈਮਰਾ, ਵੀਡੀਓ ਅਤੇ ਆਡੀਓ ਸਭ ਰਿਕਾਰਡ ਹੁੰਦੀ ਹੈ ਅਤੇ ਲੋਕ ਇਸ ਦਾ ਨਜਾਇਜ਼ ਫਾਇਦਾ ਲੈ ਰਹੇ ਹਨ। ਉਨ੍ਹਾਂ ਕਿਹਾ ਇੱਥੋਂ ਤੱਕ ਕਿ ਲੋਕ ਨੰਗੇ ਸਿਰ ਫੋਟੋਆਂ ਕਰਵਾ ਰਹੇ ਹਨ ਜਿਵੇਂ ਕੋਈ ਪਿਕਨਿਕ ਸਪੌਟ ਹੋਵੇ। ਇਸ ਦੌਰਾਨ ਉਨ੍ਹਾਂ ਲੋਕਾਂ ਨੂੰ ਆਦੇਸ਼ ਦਿੱਤਾ ਕਿ ਗੁਰੂ ਘਰ ਦੀ ਮਰਿਆਦਾ ਨੂੰ ਧਿਆਨ 'ਚ ਰੱਖ ਕੇ ਮੋਬਾਈਲ ਫੋਨ ਬੰਦ ਕਰਨਾ ਜ਼ਰੂਰੀ ਸਮਝਣ।

## ਸਾਬਕਾ DIG ਤੇ DSP ਨੂੰ ਸਜ਼ਾ ਦਾ ਐਲਾਨ

# 1993 ਦੇ ਫਰਜ਼ੀ ਐਨਕਾਊਂਟਰ ਮਾਮਲੇ 'ਚ ਵੱਡੀ ਕਾਰਵਾਈ

**ਮੋਹਾਲੀ/ਤਰਨਤਾਰਨ, 8 ਜੂਨ (ਆਵਾਜ਼ਿ ਕੌਮ ਬਿਊਰੋ)**-ਸੀ.ਬੀ.ਆਈ. ਦੀ ਵਿਸ਼ੇਸ਼ ਅਦਾਲਤ ਨੇ 1993 'ਚ ਫਲ ਵੇਚਣ ਵਾਲੇ ਨੂੰ ਅਗਵਾ ਕਰ ਕੇ ਫ਼ਰਜ਼ੀ ਮੁਕਾਬਲਾ ਬਣਾ ਕੇ ਕਤਲ ਕਰਨ ਦੇ ਜ਼ੁਰਮ 'ਚ ਸਾਬਕਾ ਡੀ. ਆਈ. ਜੀ. ਦਿਲਬਾਗ ਸਿੰਘ ਨੂੰ 7 ਸਾਲ ਦੀ ਕੈਦ ਅਤੇ ਸਾਬਕਾ ਡੀ. ਐੱਸ. ਪੀ. ਗੁਰਬਚਨ ਸਿੰਘ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਹੈ। ਅਦਾਲਤ ਵੱਲੋਂ ਆਪਣਾ ਫ਼ੈਸਲਾ ਸੁਣਾਉਣ ਤੋਂ ਪਹਿਲਾਂ ਉਕਤ ਮੁਲਜ਼ਮਾਂ ਨੇ ਰਹਿਮ ਦੀ ਮੰਗ ਕੀਤੀ ਤਾਂ ਜੋ ਉਨ੍ਹਾਂ ਨੂੰ ਘੱਟੋ-ਘੱਟ ਸਜ਼ਾ ਦਿੱਤੀ ਜਾਵੇ ਪਰ ਅਦਾਲਤ ਨੇ ਕਿਹਾ ਕਿ ਇਹ ਮਾਮਲਾ 'ਰੇਅਰੈਸਟ ਆਫ ਰੇਅਰ' ਦੀ ਸ਼੍ਰੇਣੀ 'ਚ ਆਉਂਦਾ ਹੈ। ਇਸ ਲਈ ਉਕਤ ਦੋਸ਼ੀਆਂ 'ਤੇ ਕੋਈ ਰਹਿਮ ਨਹੀਂ ਕੀਤਾ ਜਾ ਸਕਦਾ। ਸੀ. ਬੀ. ਆਈ. ਦੀ ਵਿਸ਼ੇਸ਼ ਅਦਾਲਤ ਨੇ ਵੀਰਵਾਰ ਨੂੰ ਸਾਬਕਾ ਡੀ.ਆਈ.ਜੀ. ਦਿਲਬਾਗ ਸਿੰਘ ਤੇ ਸਾਬਕਾ ਡੀ. ਐੱਸ. ਪੀ. ਗੁਰਬਚਨ ਸਿੰਘ ਨੂੰ ਦੋਸ਼ੀ ਕਰਾਰ ਦਿੱਤਾ ਸੀ। ਇਨ੍ਹਾਂ ਨੇ 22 ਜੂਨ 1993 ਨੂੰ ਫਲ ਵੇਚਣ ਵਾਲੇ ਗੁਲਸ਼ਨ ਕੁਮਾਰ ਨੂੰ ਉਸ ਦੇ ਘਰ ਤੋਂ ਅਗਵਾ ਕਰ ਲਿਆ ਸੀ। ਇਸ ਤੋਂ ਬਾਅਦ ਇਕ ਮਹੀਨੇ ਤੱਕ ਨਾਜਾਇਜ਼ ਹਿਰਾਸਤ 'ਚ ਰੱਖਿਆ ਗਿਆ ਅਤੇ ਉਸੇ ਸਾਲ 22 ਜੁਲਾਈ ਨੂੰ ਫ਼ਰਜ਼ੀ ਮੁਕਾਬਲੇ 'ਚ ਉਸ ਨੂੰ ਮਾਰ ਦਿੱਤਾ ਗਿਆ। ਇਸ ਮਾਮਲੇ 'ਚ ਨਾਮਜ਼ਦ ਤਿੰਨ ਹੋਰ ਪੁਲਸ ਅਧਿਕਾਰੀਆਂ ਦੀ ਕੇਸ ਦੀ ਸੁਣਵਾਈ ਦੌਰਾਨ ਮੌਤ ਹੋ ਗਈ ਸੀ। ਸੁਪਰੀਮ ਕੋਰਟ ਦੇ ਹੁਕਮ 'ਤੇ 1995 'ਚ ਇਹ ਮਾਮਲਾ ਸੀ.ਬੀ.ਆਈ. ਨੂੰ ਸੌਂਪ ਦਿੱਤਾ ਗਿਆ ਸੀ। ਸੀ. ਬੀ. ਆਈ. ਨੇ 1999 'ਚ ਚਲਾਨ ਪੇਸ਼ ਕੀਤਾ ਸੀ। ਕਰੀਬ 21 ਸਾਲ ਬਾਅਦ 7 ਫਰਵਰੀ, 2020 ਨੂੰ ਮੁਲਜ਼ਮਾਂ 'ਤੇ ਦੋਸ਼ ਤੈਅ ਕੀਤੇ ਗਏ ਸਨ। ਮੁਕੱਦਮੇ ਦੌਰਾਨ ਏਜੰਸੀ ਨੇ 32 ਗਵਾਹ ਪੇਸ਼ ਕੀਤੇ ਸਨ, ਜਿਸ 'ਚ ਚਸ਼ਮਦੀਦ ਗਵਾਹ ਵੀ ਸ਼ਾਮਲ ਸਨ।



## ਮੋਦੀ ਦੇ ਮੰਤਰੀਆਂ ਦੀ ਸੰਭਾਵਿਤ ਸੂਚੀ

**ਨਵੀਂ ਦਿੱਲੀ, 8 ਜੂਨ (ਆਵਾਜ਼ਿ ਕੌਮ ਬਿਊਰੋ)**-ਦੇਸ਼ ਵਿੱਚ ਤੀਜੀ ਵਾਰ ਭਾਜਪਾ ਦੀ ਅਗਵਾਈ ਵਾਲੀ ਐਨਡੀਏ ਗੱਠਜੋੜ ਦੀ ਸਰਕਾਰ ਬਣਨ ਜਾ ਰਹੀ ਹੈ। ਬਿਹਾਰ ਦੀ ਜੇਡੀਯੂ ਅਤੇ ਆਂਧਰਾ ਪ੍ਰਦੇਸ਼ ਦੀ ਟੀਡੀਪੀ ਪਾਰਟੀ ਇਸ ਸਰਕਾਰ ਵਿੱਚ ਅਹਿਮ ਭੂਮਿਕਾ ਨਿਭਾਏਗੀ। ਨਿਤੀਸ਼ ਕੁਮਾਰ ਅਤੇ ਚੰਦਰਬਾਬੂ ਨਾਇਡੂ ਦੇ ਨਾਲ ਚਿਰਾਗ ਪਾਸਵਾਨ, ਜੀਤਨ ਰਾਮ ਮਾਂਝੀ ਵੀ ਨਰਿੰਦਰ ਮੋਦੀ ਦੀ ਤੀਜੀ ਕੈਬਨਿਟ ਦਾ ਅਹਿਮ ਹਿੱਸਾ ਹੋਣਗੇ। ਨਿਤੀਸ਼ ਕੁਮਾਰ ਦੇ ਕੁਝ ਸੰਸਦ ਮੈਂਬਰਾਂ ਨੂੰ ਵੀ ਮੋਦੀ ਮੰਤਰੀ ਮੰਡਲ ਵਿੱਚ ਥਾਂ ਮਿਲਣ ਦੀ ਸਿਆਸੀ ਹਲਕਿਆਂ ਵਿੱਚ ਚਰਚਾ ਹੈ। ਸੂਤਰਾਂ ਮੁਤਾਬਕ ਜੇਡੀਯੂ ਦੇ ਸੰਸਦ ਮੈਂਬਰ ਲਲਨ ਸਿੰਘ ਅਤੇ ਰਾਮਨਾਥ ਠਾਕੁਰ ਦਾ ਮੰਤਰੀ ਬਣਨਾ ਤੈਅ ਮੰਨਿਆ ਜਾ ਰਿਹਾ ਹੈ। ਕੱਲ੍ਹ ਨਰਿੰਦਰ ਮੋਦੀ ਦੇ ਸਹੁੰ ਚੁੱਕ ਸਮਾਗਮ ਵਿੱਚ JDU ਕੋਟੇ ਦੇ ਸਿਰਫ਼ 2 ਮੰਤਰੀ ਹੀ ਸਹੁੰ ਚੁੱਕਣਗੇ। ਜੇਪੀ ਨੱਡਾ ਨਾਲ ਹੋਈ ਮੀਟਿੰਗ ਵਿੱਚ ਇਸ ਸੌਦੇ ਨੂੰ ਅੰਤਿਮ ਰੂਪ ਦਿੱਤਾ ਗਿਆ। ਚਰਚਾ ਹੈ ਕਿ ਇਸ ਵਾਰ JDU ਬਿਹਾਰ ਦੇ 8 ਤੋਂ 10 ਸਾਂਸਦਾਂ ਨੂੰ ਮੋਦੀ ਕੈਬਨਿਟ 'ਚ ਮੰਤਰੀ ਬਣਾਇਆ ਜਾ ਸਕਦਾ ਹੈ। ਮੀਡੀਆ ਰਿਪੋਰਟਾਂ ਮੁਤਾਬਕ ਬਿਹਾਰ ਦੇ ਜਾਤੀ ਸਮੀਕਰਨ ਨੂੰ ਧਿਆਨ 'ਚ ਰੱਖਦੇ ਹੋਏ ਸੰਸਦ ਮੈਂਬਰਾਂ ਨੂੰ ਮੋਦੀ ਕੈਬਨਿਟ 'ਚ ਜਗ੍ਹਾ ਦਿੱਤੀ ਜਾਵੇਗੀ। ਬਿਹਾਰ ਦੀਆਂ ਵੱਖ-ਵੱਖ ਜਾਤਾਂ ਦੇ ਪ੍ਰਮੁੱਖ ਚਿਹਰਿਆਂ ਨੂੰ ਮੰਤਰੀ ਮੰਡਲ 'ਚ ਜਗ੍ਹਾ ਮਿਲ ਸਕਦੀ ਹੈ। ਇਸ ਸਮੇਂ ਬਿਹਾਰ ਦੇ ਜਿਨ੍ਹਾਂ ਦੋ ਸੰਸਦ ਮੈਂਬਰਾਂ ਦਾ ਮੋਦੀ ਮੰਤਰੀ ਮੰਡਲ 'ਚ ਸ਼ਾਮਲ ਹੋਣਾ ਤੈਅ ਮੰਨਿਆ ਜਾ ਰਿਹਾ ਹੈ, ਉਨ੍ਹਾਂ 'ਚ ਮੁੰਗੇਰ ਲੋਕ ਸਭਾ ਸੀਟ ਤੋਂ ਸੰਸਦ ਮੈਂਬਰ ਲਲਨ ਸਿੰਘ ਦਾ ਨਾਂ ਸਭ ਤੋਂ ਅੱਗੇ ਹੈ। ਲਲਨ ਸਿੰਘ ਬਿਹਾਰ ਦੇ ਉੱਚ ਜਾਤੀ ਭੂਮਿਹਾਰ ਭਾਈਚਾਰੇ ਨਾਲ ਸਬੰਧਤ ਹੈ। ਉਹ ਨਿਤੀਸ਼ ਕੁਮਾਰ ਦੀ ਜੇਡੀਯੂ ਵਿੱਚ ਉਨ੍ਹਾਂ ਤੋਂ ਬਾਅਦ ਦੂਜੇ ਸਭ ਤੋਂ ਪ੍ਰਭਾਵਸ਼ਾਲੀ ਨੇਤਾ ਹਨ। ਉਹ ਨਿਤੀਸ਼ ਕੁਮਾਰ ਦੇ ਕਰੀਬੀਆਂ ਵਿੱਚੋਂ ਇੱਕ ਹਨ, ਇਸ ਲਈ ਉਨ੍ਹਾਂ ਦੇ ਮੰਤਰੀ ਬਣਨ ਦੀ ਸਭ ਤੋਂ ਵੱਧ ਸੰਭਾਵਨਾ ਹੈ। ਬਿਹਾਰ ਤੋਂ ਇੱਕ ਹੋਰ ਸੰਸਦ ਮੈਂਬਰ ਰਾਮਨਾਥ ਠਾਕੁਰ ਭਲਕੇ ਸਹੁੰ ਚੁੱਕ ਸਮਾਗਮ ਵਿੱਚ ਸਹੁੰ ਚੁੱਕ ਸਕਦੇ ਹਨ। ਰਾਮਨਾਥ ਭਾਰਤ ਰਤਨ ਕਰਪੂਰੀ ਠਾਕੁਰ ਦੇ ਪੁੱਤਰ ਹਨ ਅਤੇ ਜੇਡੀਯੂ ਤੋਂ ਰਾਜ ਸਭਾ ਮੈਂਬਰ ਵੀ ਹਨ। ਅਤਿ ਪਛੜੇ ਵਰਗਾਂ ਦੇ ਵੋਟ ਬੈਂਕ ਦਾ ਇਸਤੇਮਾਲ ਕਰਨ ਲਈ ਉਨ੍ਹਾਂ ਨੂੰ ਮੋਦੀ ਮੰਤਰੀ ਮੰਡਲ ਵਿੱਚ ਥਾਂ ਦਿੱਤੀ ਜਾ ਸਕਦੀ ਹੈ। ਸੂਤਰਾਂ ਮੁਤਾਬਕ ਲੋਕ ਜਨਸ਼ਕਤੀ ਪਾਰਟੀ ਦੇ ਪ੍ਰਧਾਨ ਚਿਰਾਗ ਪਾਸਵਾਨ ਵੀ ਭਲਕੇ ਮੰਤਰੀ ਵਜੋਂ ਸਹੁੰ ਚੁੱਕ ਸਕਦੇ ਹਨ। ਮੋਦੀ ਕੈਬਨਿਟ ਦਾ ਹਿੱਸਾ ਬਣ ਸਕਦੇ ਹਨ। ਚਿਰਾਗ ਪਾਸਵਾਨ ਦੀ ਪਾਰਟੀ ਦੇ ਪੰਜ ਉਮੀਦਵਾਰਾਂ ਨੇ ਚੋਣ ਲੜੀ ਅਤੇ ਪੰਜੇ ਹੀ ਚੋਣ ਜਿੱਤ ਕੇ ਸੰਸਦ ਮੈਂਬਰ ਬਣ ਗਏ। ਚਿਰਾਗ ਪਾਸਵਾਨ ਨੂੰ ਇਸ ਉਪਲਬਧੀ ਦਾ ਤੋਹਫਾ ਮਿਲ ਸਕਦਾ ਹੈ।

## ਅੰਮ੍ਰਿਤਪਾਲ ਸਿੰਘ ਨੂੰ ਜੇਲ੍ਹੋਂ ਬਾਹਰ ਲਿਆਉਣ ਲਈ ਪਰਿਵਾਰ ਦੀਆਂ ਤਿਆਰੀਆਂ ਤੇਜ਼

**ਡਿਬਰੂਗੜ੍ਹ, 8 ਜੂਨ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਚੋਣਾਂ 'ਚ ਪੰਜਾਬ ਵਿਚ ਸਭ ਤੋਂ ਵੱਡੇ ਫਰਕ ਨਾਲ ਜਿੱਤ ਹਾਸਲ ਕਰਨ ਵਾਲੇ 'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਮੁਖੀ ਅੰਮ੍ਰਿਤਪਾਲ ਸਿੰਘ ਨੂੰ ਜੇਲ੍ਹ ਤੋਂ ਬਾਹਰ ਲਿਆਉਣ ਦੀਆਂ ਕੋਸ਼ਿਸ਼ਾਂ ਪਰਿਵਾਰ ਵੱਲੋਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਪੰਥਕ ਹਲਕੇ ਖਡੂਰ ਸਾਹਿਬ ਤੋਂ ਅੰਮ੍ਰਿਤਪਾਲ ਸਿੰਘ ਨੇ ਕਾਂਗਰਸ ਦੇ ਕੁਲਬੀਰ ਸਿੰਘ ਜ਼ੀਰਾ ਨੂੰ ਕਰੀਬ ਦੋ ਲੱਖ ਵੋਟਾਂ ਦੇ ਵੱਡੇ ਫ਼ੈਸਲੇ ਨਾਲ ਪਛਾੜਿਆ ਹੈ। ਖਡੂਰ ਸਾਹਿਬ ਤੋਂ ਕੈਬਿਨੇਟ ਮੰਤਰੀ ਲਾਲਜੀਤ ਭੁੱਲਰ ਤੀਜੇ ਨੰਬਰ ਤੇ ਰਹੇ, ਉਨ੍ਹਾਂ ਨੂੰ ਸਿਰਫ 194836 ਵੋਟਾਂ ਪਈਆਂ। ਅੰਮ੍ਰਿਤਪਾਲ ਸਿੰਘ ਨੂੰ ਮਿਲੀ ਬੰਪਰ ਜਿੱਤ ਪਿੱਛੋਂ ਉਨ੍ਹਾਂ ਦਾ ਪਰਿਵਾਰ ਡਿਬਰੂਗੜ੍ਹ ਜੇਲ੍ਹ ਪਹੁੰਚਿਆ ਹੈ। ਅੰਮ੍ਰਿਤਪਾਲ ਦੀ ਪਤਨੀ ਕਿਰਨਦੀਪ ਕੌਰ ਪਹਿਲਾਂ ਤੋਂ ਹੀ ਆਸਾਮ ਦੀ ਡਿਬਰੂਗੜ੍ਹ ਵਿਚ ਮੌਜੂਦ ਹੈ। ਇਸ ਦੌਰਾਨ ਉਨ੍ਹਾਂ ਦੀ ਵੀਡੀਓ ਤੇ ਤਸਵੀਰਾਂ ਵੀ ਸਾਹਮਣੇ ਆਈਆਂ ਜਿਸ ਵਿਚ ਕਿਰਨਦੀਪ ਕੌਰ ਦੇ ਪਰਸ ਉਤੇ ਲੱਗੀ ਇਕ ਖਾਸ ਚੀਜ਼ ਨੇ ਸਾਰੀਆਂ ਦਾ ਧਿਆਨ ਆਪਣੇ ਵੱਲ ਖਿੱਚਿਆ। ਉਨ੍ਹਾਂ ਦੇ ਪਰਸ 'ਤੇ ਅੰਮ੍ਰਿਤਪਾਲ ਦੀ ਤਸਵੀਰ ਲੱਗਿਆ ਛੱਲਾ ਦੇਖਣ ਨੂੰ ਮਿਲਿਆ। ਅੰਮ੍ਰਿਤਪਾਲ ਸਿੰਘ ਦੇ ਮਾਪੇ ਜਿੱਤ ਦਾ ਸਰਟੀਫਿਕੇਟ ਲੈ ਕੇ ਆਪਣੇ ਮੈਂਬਰ ਪਾਰਲੀਮੈਂਟ ਪੁੱਤਰ ਕੋਲ ਜੇਲ੍ਹ ਪਹੁੰਚੇ ਹਨ। ਇਸ ਦੌਰਾਨ ਜੇਲ੍ਹ ਦੇ ਮੁਲਾਜ਼ਮਾਂ ਨੂੰ ਮਠਿਆਈਆਂ ਵੀ ਵੰਡੀਆਂ ਗਈਆਂ। ਜਿਸ ਦੀਆਂ ਕਈ ਵੀਡਿਓਜ਼ ਅਤੇ ਤਸਵੀਰਾਂ ਸੋਸ਼ਲ ਮੀਡੀਆ ਉਤੇ ਤੇਜ਼ੀ ਨਾਲ ਵਾਇਰਲ ਹੋ ਰਹੀਆਂ ਹਨ। ਇਸ ਤੋਂ ਪਹਿਲਾਂ ਉਨ੍ਹਾਂ ਦੇ ਵਕੀਲ ਰਾਜਦੇਵ ਸਿੰਘ ਖਾਲਸਾ ਨੇ ਅੰਮ੍ਰਿਤਪਾਲ ਨਾਲ ਮੁਲਾਕਾਤ ਕੀਤੀ ਸੀ। ਐਡਵੋਕੇਟ ਖ਼ਾਲਸਾ ਨੇ ਦੱਸਿਆ ਸੀ ਕਿ ਜੇਲ੍ਹ 'ਚੋਂ ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਉਹ ਹਲਕਾ ਖਡੂਰ ਸਾਹਿਬ ਦੀ ਸੰਗਤ ਦਾ ਉੱਚੇਚੇ ਤੌਰ 'ਤੇ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਉਨ੍ਹਾਂ ਨੂੰ ਚੋਣ ਜਿਤਾ ਕੇ ਫ਼ਤਵਾ ਦਿੱਤਾ ਹੈ। ਅੰਮ੍ਰਿਤਪਾਲ ਸਿੰਘ ਜੂਨ ਮਹੀਨੇ 'ਚ ਜੇਲ੍ਹ ਤੋਂ ਬਾਹਰ ਆਉਣਗੇ। ਇਕ ਨਿਜੀ ਚੈਨਲ ਨੂੰ ਦਿੱਤੇ ਇੰਟਰਵਿਊ ਵਿਚ ਰਾਜਦੇਵ ਸਿੰਘ ਖਾਲਸਾ ਨੇ ਕਿਹਾ ਸੀ ਕਿ ਉਹ ਮੰਗਲਵਾਰ ਦੀ ਸ਼ਾਮ ਨੂੰ ਬਰਨਾਲਾ ਤੋਂ ਦਿੱਲੀ ਏਅਰਪੋਰਟ ਤੇ ਦਿੱਲੀ ਤੋਂ ਹਵਾਈ ਸਫ਼ਰ ਰਾਹੀਂ ਡਿਬਰੂਗੜ੍ਹ ਪੁੱਜੇ ਸਨ, ਬੁੱਧਵਾਰ ਨੂੰ ਉਨ੍ਹਾਂ ਅੰਮ੍ਰਿਤਪਾਲ ਸਿੰਘ ਨਾਲ ਜੇਲ੍ਹ 'ਚ ਮੁਲਾਕਾਤ ਕਰ ਕੇ ਉਨ੍ਹਾਂ ਨੂੰ ਖਡੂਰ ਸਾਹਿਬ ਹਲਕੇ ਤੋਂ ਮੈਂਬਰ ਪਾਰਲੀਮੈਂਟ ਬਣਨ 'ਤੇ ਵਧਾਈ ਦਿੱਤੀ। ਅੰਮ੍ਰਿਤਪਾਲ ਸਿੰਘ 'ਤੇ ਲੱਗੇ ਐੱਨਐੱਸਏ ਤੇ ਜੇਲ੍ਹ ਤੋਂ ਬਾਹਰ ਆਉਣ ਸਬੰਧੀ ਉਨ੍ਹਾਂ ਕਿਹਾ ਕਿ ਲੋਕਾਂ ਨੇ ਜੋ ਵੱਡੇ ਪੱਧਰ 'ਤੇ ਅੰਮ੍ਰਿਤਪਾਲ ਸਿੰਘ ਨੂੰ ਫ਼ਤਵਾ ਦਿੱਤਾ ਹੈ, ਉਹ ਕਾਨੂੰਨੀ ਪ੍ਰਕਿਰਿਆ ਤੋਂ ਵੀ ਉੱਤੇ ਹੁੰਦਾ ਹੈ। ਸੁਪ੍ਰੀਮ ਕੋਰਟ ਨੇ ਅਨੇਕਾਂ ਕੇਸਾਂ 'ਚ ਕਿਹਾ ਹੈ ਕਿ ਜਨਤਾ ਹੀ ਹਕੂਮਤ ਕਰਨ ਵਾਲੀ ਹੁੰਦੀ ਹੈ। ਲੋਕ ਰਾਜ ਦਾ ਇਹ ਮੁੱਢਲਾ ਤੇ ਬੁਨਿਆਦੀ ਅਸੂਲ ਹੈ ਕਿ ਜੋ ਜਨਤਾ ਦਾ ਫ਼ਤਵਾ ਹੁੰਦਾ ਹੈ, ਉਹ ਸਾਰਿਆਂ ਨੂੰ ਮਨਜ਼ੂਰ ਕਰਨਾ ਪੈਂਦਾ ਹੈ। ਇਸ ਲਈ ਜਨਤਾ ਨੇ ਜਦੋਂ ਅੰਮ੍ਰਿਤਪਾਲ ਸਿੰਘ ਨੂੰ ਇੰਨਾ ਵੱਡਾ ਫ਼ਤਵਾ ਦੇ ਦਿੱਤਾ ਹੈ ਤਾਂ ਮੇਰੇ ਖ਼ਿਆਲ 'ਚ ਕਾਨੂੰਨੀ ਪ੍ਰਕਿਰਿਆ ਦੀ ਇਸ 'ਚ ਕੋਈ ਲੋੜ ਨਹੀਂ ਪੈਣੀ ਜਿਸ ਕਰਕੇ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਨੂੰ ਲੋਕਾਂ ਦਾ ਇਹ ਵੱਡਾ ਫ਼ਤਵਾ ਮੰਨਣਾ ਹੀ ਪਵੇਗਾ ਤੇ ਉਨ੍ਹਾਂ ਨੂੰ ਜੇਲ੍ਹ 'ਚੋਂ ਰਿਹਾਅ ਕਰਨਾ ਹੀ ਪਵੇਗਾ।



## ਕੰਗਨਾ ਦੇ ਥੱਪੜ ਮਾਰਨ ਵਾਲੀ ਕੁਲਵਿੰਦਰ ਕੌਰ ਖ਼ਿਲਾਫ਼ FIR

### ਮੋਹਾਲੀ ਦੇ ਗੁਰੂਘਰ ਕਿਸਾਨ ਜਥੇਬੰਦੀਆਂ ਦਾ ਇਕੱਠ

**ਮੋਹਾਲੀ, 8 ਜੂਨ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ ਦੀ ਮੰਡੀ ਤੋਂ ਸੰਸਦ ਮੈਂਬਰ ਤੇ ਅਦਾਕਾਰਾ ਕੰਗਨਾ ਰਣੌਤ ਨੂੰ ਥੱਪੜ ਮਾਰਨ ਵਾਲੀ ਸੀਆਈਐਸਐਫ ਦੀ ਮਹਿਲਾ ਮੁਲਾਜ਼ਮ ਕੁਲਵਿੰਦਰ ਕੌਰ ਖ਼ਿਲਾਫ਼ ਮੁਹਾਲੀ ਪੁਲਿਸ ਦੇ ਏਅਰਪੋਰਟ ਸਟੇਸ਼ਨ 'ਤੇ ਕੇਸ ਦਰਜ ਕੀਤਾ ਗਿਆ ਹੈ। ਇਹ ਮਾਮਲਾ ਆਈਪੀਸੀ ਦੀ ਧਾਰਾ 323 (ਹਮਲਾ) ਅਤੇ 341 (ਰਾਹ ਵਿੱਚ ਰੁਕਾਵਟ ਪਾਉਣ) ਦੇ ਤਹਿਤ ਦਰਜ ਕੀਤਾ ਗਿਆ ਹੈ। ਇਸ ਵਿੱਚ ਜਵਾਨ ਕੁਲਵਿੰਦਰ ਕੌਰ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਜਾਵੇਗਾ ਕਿਉਂਕਿ ਦੋਵੇਂ ਧਾਰਾਵਾਂ ਜ਼ਮਾਨਤਯੋਗ ਹਨ। ਇਸ ਵਿੱਚ ਉਸ ਨੂੰ ਥਾਣੇ ਤੋਂ ਹੀ ਜ਼ਮਾਨਤ ਮਿਲ ਜਾਵੇਗੀ। ਫਿਲਹਾਲ ਦੋਸ਼ੀ ਕੁਲਵਿੰਦਰ ਕੌਰ ਨੂੰ ਸੀਆਈਐਸਐਫ ਨੇ ਹਿਰਾਸਤ ਵਿੱਚ ਰੱਖਿਆ ਹੈ ਅਤੇ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਕੰਗਨਾ ਨੇ ਕਿਸਾਨ ਅੰਦੋਲਨ ਦੌਰਾਨ ਕਈ ਬਿਆਨ ਦਿੱਤੇ ਸਨ। ਉਸ ਨੇ ਸੋਸ਼ਲ ਮੀਡੀਆ 'ਤੇ ਅੰਦੋਲਨਕਾਰੀਆਂ ਦੀ ਤੁਲਨਾ ਖਾਲਿਸਤਾਨੀ ਅੱਤਵਾਦੀਆਂ ਨਾਲ ਕੀਤੀ ਸੀ। ਉਨ੍ਹਾਂ ਲਿਖਿਆ ਸੀ- 'ਖਾਲਿਸਤਾਨੀ ਅੱਤਵਾਦੀ ਅੱਜ ਸਰਕਾਰ 'ਤੇ ਦਬਾਅ ਬਣਾ ਰਹੇ ਹਨ, ਪਰ ਸਾਨੂੰ ਇੱਕ ਮਹਿਲਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੂੰ ਨਹੀਂ ਭੁੱਲਣਾ ਚਾਹੀਦਾ। ਇੰਦਰਾ ਗਾਂਧੀ ਨੇ ਉਸ ਨੂੰ ਆਪਣੀ ਜੁੱਤੀ ਹੇਠ ਕੁਚਲਿਆ ਸੀ। ਉਨ੍ਹਾਂ ਨੇ ਇਸ ਦੇਸ਼ ਨੂੰ ਭਾਵੇਂ ਕਿੰਨਾ ਵੀ ਦੁੱਖ ਪਹੁੰਚਾਇਆ ਹੋਵੇ, ਉਨ੍ਹਾਂ ਨੇ ਆਪਣੀ ਜਾਨ ਦੀ ਕੀਮਤ 'ਤੇ ਉਨ੍ਹਾਂ ਨੂੰ ਮੱਛਰਾਂ ਵਾਂਗ ਕੁਚਲ ਦਿੱਤਾ, ਪਰ ਦੇਸ਼ ਦੇ ਟੁਕੜੇ ਨਹੀਂ ਹੋਣ ਦਿੱਤੇ। ਉਸ ਦੀ ਮੌਤ ਦੇ ਦਹਾਕੇ ਬਾਅਦ ਵੀ, ਲੋਕ ਅਜੇ ਵੀ ਉਸ ਦੇ ਨਾਮ ਤੋਂ ਕੰਬਦੇ ਹਨ, ਉਹ ਇੱਕ ਅਜਿਹਾ ਗੁਰੂ ਚਾਹੁੰਦੇ ਹਨ। ਕੰਗਨਾ ਨੇ ਕਿਸਾਨ ਅੰਦੋਲਨ ਨੂੰ ਲੈ ਕੇ ਕਈ ਟਵੀਟ ਕੀਤੇ ਸਨ। ਇਸ ਕਾਰਨ ਸੋਸ਼ਲ ਮੀਡੀਆ 'ਤੇ ਪੰਜਾਬੀ ਗਾਇਕ ਤੇ ਅਦਾਕਾਰ ਦਿਲਜੀਤ ਦੁਸਾਂਝ ਨਾਲ ਉਨ੍ਹਾਂ ਦੀ ਤਿੱਖੀ ਬਹਿਸ ਹੋਈ। ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਨੇ ਵੀ ਕੰਗਣਾ ਖਿਲਾਫ ਕੇਸ ਦਰਜ ਕਰਵਾਇਆ ਸੀ। ਕੁਲਵਿੰਦਰ ਕੌਰ ਨੂੰ ਇਨਸਾਫ਼ ਦਿਵਾਉਣ ਲਈ ਪੰਜਾਬ ਦੀਆਂ ਕਈ ਕਿਸਾਨ ਜਥੇਬੰਦੀਆਂ ਭਲਕੇ ਮੁਹਾਲੀ ਵਿੱਚ ਇਕੱਠੀਆਂ ਹੋ ਰਹੀਆਂ ਹਨ। ਉਹ ਗੁਰਦੁਆਰਾ ਅੰਬ ਸਾਹਿਬ ਵਿਖੇ ਇਕੱਠੇ ਹੋਣਗੇ। ਸ਼ੁੱਕਰਵਾਰ ਨੂੰ ਉਨ੍ਹਾਂ ਨੇ ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨਾਲ ਮੁਲਾਕਾਤ ਕੀਤੀ ਅਤੇ ਜਵਾਨ ਦੇ ਖਿਲਾਫ ਦਰਜ ਕੇਸ ਨੂੰ ਖਾਰਜ ਕਰਨ ਦੀ ਮੰਗ ਕੀਤੀ। ਪਰ ਅਜੇ ਤੱਕ ਉਸ ਕੇਸ ਨੂੰ ਖਾਰਜ ਨਹੀਂ ਕੀਤਾ ਗਿਆ ਹੈ। ਅਜਿਹੇ ਵਿੱਚ ਅੱਜ ਮੁਹਾਲੀ ਪੁਲਿਸ ਵੀ ਇਕੱਠ ਨੂੰ ਲੈ ਕੇ ਸੁਰੱਖਿਆ ਦਾ ਜਾਇਜ਼ਾ ਲਵੇਗੀ। ਕਾਂਗਰਸ ਸਾਂਸਦ ਸੁਖਜਿੰਦਰ ਸਿੰਘ ਰੰਧਾਵਾ ਨੇ ਕੰਗਨਾ ਰਣੌਤ-ਸੀਆਈਐਸਐਫ ਕਾਂਸਟੇਬਲ ਵਿਵਾਦ 'ਤੇ ਬਿਆਨ ਦਿੱਤਾ ਹੈ। ਦਿੱਲੀ 'ਚ ਕਾਂਗਰਸ ਦੀ ਮੀਟਿੰਗ 'ਚ ਸ਼ਾਮਲ ਹੋਣ ਆਏ ਰੰਧਾਵਾ ਨੇ ਕਿਹਾ ਕਿ ਜੇ ਕੋਈ ਸੁਰੱਖਿਆ ਜਾਂਚ ਦੌਰਾਨ ਕਿਸੇ ਨੂੰ ਥੱਪੜ ਮਾਰਦਾ ਹੈ ਤਾਂ ਮੈਂ ਇਸ ਦਾ ਸਮਰਥਨ ਨਹੀਂ ਕਰਦਾ। ਅਜਿਹਾ ਨਹੀਂ ਹੋਣਾ ਚਾਹੀਦਾ ਪਰ ਬਾਅਦ ਵਿੱਚ ਕੰਗਨਾ ਰਣੌਤ ਨੇ ਪੂਰੇ ਪੰਜਾਬ ਨੂੰ ਅੱਤਵਾਦੀ ਕਿਹਾ। ਰੰਧਾਵਾ ਨੇ ਕਿਹਾ ਕਿ ਮੈਂ ਕੰਗਨਾ ਨੂੰ ਕਹਿਣਾ ਚਾਹੁੰਦਾ ਹਾਂ ਕਿ ਪਹਿਲਾਂ ਸੋਚੋ ਅਤੇ ਫਿਰ ਬੋਲੋ। ਅਸੀਂ ਪੰਜਾਬੀਆਂ ਨੇ ਇਸ ਦੇਸ਼ ਨੂੰ ਆਜ਼ਾਦੀ ਦਿਵਾਉਣ ਲਈ ਆਪਣਾ ਖੂਨ ਵਹਾਇਆ ਹੈ। ਸਾਨੂੰ ਨਹੀਂ ਪਤਾ ਕਿ ਉਹ ਉਸ ਸਮੇਂ ਕਿੱਥੇ ਸੀ ਜਾਂ ਭਾਜਪਾ ਕਿੱਥੇ ਸੀ...ਉਸ ਨੇ ਜੋ ਕਿਹਾ ਉਹ ਗਲਤ ਹੈ ਅਤੇ ਸੰਸਦ ਵਿੱਚ ਜਵਾਬ ਦਿੱਤਾ ਜਾਵੇਗਾ।



## ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ ਦੇ ਪੁੱਤਰ ਭਾਈ ਹਰਚਰਨਪ੍ਰੀਤ ਸਿੰਘ ਤੇ ਉਨ੍ਹਾਂ ਦੇ ਨੇੜਲੇ ਰਿਸ਼ਤੇਦਾਰ ਸਵਰਗਵਾਸ


### ਸਮੂਹ ਪੰਥਕ ਧਿਰਾਂ ਵੱਲੋਂ ਦੁੱਖ ਦਾ ਪ੍ਰਗਟਾਵਾ

**ਅੰਮ੍ਰਿਤਸਰ, 8 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ ਦੇ ਪੁੱਤਰ ਭਾਈ ਹਰਚਰਨਪ੍ਰੀਤ ਸਿੰਘ ਤੇ ਉਨ੍ਹਾਂ ਦੇ ਨੇੜਲੇ ਰਿਸ਼ਤੇਦਾਰ ਸ. ਜਸਬੀਰ ਸਿੰਘ ਤੇ ਸਾਥੀ ਸ. ਗੁਰਪ੍ਰੀਤ ਸਿੰਘ ਦੇ ਸੜਕ ਹਾਦਸੇ ਵਿੱਚ ਅਕਾਲ ਚਲਾਣਾ ਕਰ ਗਏ। ਦੁੱਖ ਦੀ ਇਸ ਘੜੀ ਵਿੱਚ ਦੁੱਖ ਪਰਗਟ ਕਰਦਿਆਂ ਕਿਹਾ ਕਿ ਇਸ ਗਹਿਰੇ ਸਦਮੇ ਨਾਲ ਗਿਆਨੀ ਮਲਕੀਤ ਸਿੰਘ ਨੂੰ ਵੱਡਾ ਘਾਟਾ ਪਿਆ ਹੈ। ਉਨ੍ਹਾਂ ਕਰਤਾ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿੱਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਦੇਣ ਅਤੇ ਪਰਿਵਾਰਾਂ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।




ਇਸ ਮੌਕੇ 'ਤੇ ਭਾਈ ਰਘਵੀਰ ਸਿੰਘ ਵਾਲਸਾਲ ਐਡੀਟਰ-ਇਨ-ਚੀਫ਼ ਆਵਾਜ਼ਿ-ਕੌਮ ਅੰਤਰ-ਰਾਸ਼ਟਰੀ ਅਖ਼ਬਾਰ ਤੇ ਵੈਬ ਚੈਨਲ ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ, ਯੂ. ਕੇ., ਭਾਈ ਪਰਮਜੀਤ ਸਿੰਘ ਢਾਡੀ ਵੈਨਸਫੀਲਡ ਅੰਤਰਰਾਸ਼ਟਰੀ ਚੀਫ਼ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ ਅਤੇ ਭਾਈ ਕਪਤਾਨ ਸਿੰਘ (ਇੰਗਲੈਂਡ) ਜਨਰਲ ਸਕੱਤਰ ਅਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ, ਯੂ. ਕੇ. ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਵਾਹਿਗੁਰੂ ਕੋਲ ਅਰਦਾਸ ਕੀਤੀ ਕਿ ਵਿਛੜੀਆਂ ਆਤਮਾਵਾਂ ਨੂੰ ਆਪਣੇ ਚਰਨਾਂ 'ਚ ਨਿਵਾਸ ਬਖਸ਼ਣ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

ਆਵਾਜ਼ਿ ਕੌਮ
AWAZE QAUM
International Newspaper & WEB TV


Nankana Sahib Yatra Committe Uk
pakistan gurdwara yatra
6th november to 16th november 2024
yatra includes 25+ gurudwara sahib
darshan .Accommodation in hotels
and travel within pakistan and yatra
start to finish point in AC coaches
ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ
ਸਾਹਿਬ ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
£1095
Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.
Note: It does not include flight ticket and insurance, it has to be done by the passenger himself.
ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।
*-- ਗੁਰੂ ਪੰਥ ਦੇ ਸੇਵਾਦਾਰ --*
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

# ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net






ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel
https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

PURE AND NATURAL 100% VEGETARIAN PURE AND NATURAL

Enjoy Real Taste of PUNJAB

KD

FULLY A.C. HALL

# Khehra VAISHNO DHABA

BREAKFAST
LUNCH
DINNER

**OUR SPECIALIZATION :** Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



# ਪੰਜਾਬੀ

## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ

ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ

ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦


www.damdamitaksal.net

Learn Speak Read Write PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470



ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote



ਧੰਨ ਧੰਨ ਬਾਬਾ ਦਾਸਾ ਜੀ

ਵਾਹਿਗੁਰੂ ਜੀ ਕਾ ਖਾਲਸਾ ।
ਵਾਹਿਗੁਰੂ ਜੀ ਕੀ ਫ਼ਤਹਿ ॥





## ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿਚ ਪਿੰਡ ਸਲੇਮਪੁਰ ਮਸੰਦਾਂ ਦੀ ਸਮੂੰਹ ਸਾਧ ਸੰਗਤ ਵਲੋਂ ਗੁਰੂ ਨਾਨਕ ਗੁਰਦੁਆਰਾ ਵਾਲਸਾਲ ਰੋਡ ਵਿਲਨਹਾਲ ਵਿਖੇ

# ਧਾਰਮਿਕ ਸਮਾਗਮ 30 ਜੂਨ 2024, ਦਿਨ ਐਤਵਾਰ

ਗੁਰੂ ਪਿਆਰੀ ਸਾਧ ਸੰਗਤ ਜੀਓ, ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿੱਚ ਪਿੰਡ ਸਲੇਮਪੁਰ ਮਸੰਦਾਂ ਦੀ ਸਾਧ ਸੰਗਤ ਦੇ ਸਹਿਯੋਗ ਨਾਲ 30 ਜੂਨ 2024 ਦਿਨ ਐਤਵਾਰ ਨੂੰ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਸੋ ਸਮੂੰਹ ਸਾਧ ਸੰਗਤ ਅਤੇ ਪਿੰਡ ਸਲੇਮਪੁਰ ਮਸੰਦਾਂ ਦੇ ਨਗਰ ਨਿਵਾਸੀਆਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਸਮਾਗਮ ਦੀ ਰੌਣਕ ਵਧਾਉਣ ਲਈ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

### --✶ ਪ੍ਰੋਗਰਾਮ ✶--

☛ ਆਰੰਭ ਸ੍ਰੀ ਆਖੰਡਪਾਠ ਸਾਹਿਬ ਦਿਨ ਸ਼ੁਕਰਵਾਰ 28 ਜੂਨ 2024 ਸਵੇਰੇ 9:00 ਵਜੇ

☛ ਭੋਗ ਸ੍ਰੀ ਆਖੰਡਪਾਠ ਸਾਹਿਬ ਦਿਨ ਐਤਵਾਰ 30 ਜੂਨ 2024 ਸਵੇਰੇ 10 ਵਜੇ

☛ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਗੁਰਬਾਣੀ ਕੀਰਤਨ (11.00 ਵਜੇ ਸਵੇਰੇ) ਅਤੇ ਕਥਾ ਦੁਆਰਾ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ

☛ ਤਿੰਨੋਂ ਦਿਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ

"WAHEGURU JI HA KHALSA
WAHEGURU JI HI FATEH"

On the special occasion of
DHAN DHAN BABA DASSA JI'S
70TH ANNUAL MELA
AKHAND PATH SAHIB
at
Guru Nanak Sikh Gurudwara Sahib
65-67 Walsall Rd, Willenhall
WV13 2RD,
United Kingdom

*Your presence is requested to attend as per programme*
*DATES: 28th June 2024 to 30th June 2024*
*28th June*
*Arambh Sri Akhand Path Sahib:9:00am*
*30th June*
*Bhog Sri Akhand Path Sahib: 10:00am*
*Kirtan: 11:00am*
*Langar: After kirtan*
*FROM:*
*ALL SANGAT OF SALEMPUR MASSANDAN*

ਗੁਰਦੁਆਰਾ ਸਾਹਿਬ ਦਾ ਪਤਾ : **Guru Nanak Gurdawara, 65-67 Walsall Road, Willenhall, WV 13 2RD**

**ਬੇਨਤੀ ਕਰਤਾ : ਇੰਗਲੈਂਡ ਨਿਵਾਸੀ ਸਾਧ ਸੰਗਤ, ਪਿੰਡ ਸਲੇਮਪੁਰ ਮਸੰਦਾਂ ਜ਼ਿਲ੍ਹਾ ਜਲੰਧਰ (ਪੰਜਾਬ)**

30 ਜੂਨ, ਦਿਨ ਐਤਵਾਰ ਨੂੰ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਦੁਨੀਆਂ ਭਰ ਵਿੱਚ ਆਵਾਜ਼ਿ ਕੌਮ ਵੈੱਬ ਟੀ. ਵੀ. 'ਤੇ ਦੇਖਿਆ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM WEB TV


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07751-28621

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਜੂਨ 1984 ਘੱਲੂਘਾਰਾ

ਦਮਦਮੀ ਟਕਸਾਲ ਦੇ 14ਵੇਂ ਮੁਖੀ ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂਵਾਲੇ ਅਤੇ ਭਾਈ ਅਮਰੀਕ ਸਿੰਘ ਜੀ ਖਾਲਸਾ ਅਤੇ ਜਰਨਲ ਸਰਦਾਰ ਸੁਬੇਗ ਸਿੰਘ ਜੀ ਅਤੇ ਬਾਬਾ ਠਾਹਰਾ ਸਿੰਘ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

ਭਾਰਤ ਦੀ ਕਾਂਗਰਸ ਸਰਕਾਰ ਨੇ ਜੂਨ 1984 ਘੱਲੂਘਾਰੇ ਤੇ ਕੀਤੇ ਸ਼ਹੀਦ ਸਿੰਘ, ਸਿੰਘਣੀਆਂ, ਭੁਝੰਗੀਆ ਸ਼ਹੀਦੀਆਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।

ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਨਗਰ ਕਾਜਲਬੋਤਾਨੋ ਦੀਆਂ ਸਿੱਖ ਸੰਗਤਾਂ ਵੱਲੋਂ ਲਈ ਗਈ ਹੈ।

☛ ਸ਼ੁੱਕਰਵਾਰ 7 ਜੂਨ 2024 ਨੂੰ 10:00 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ☛ 9 ਜੂਨ ਐਤਵਾਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣਗੇ ☛ ਸ਼ਨਿੱਚਰਵਾਰ 8 ਜੂਨ ਸ਼ਾਮ 5 ਤੋਂ 6 ਵਜ਼ੇ ਤੱਕ ਵਾਹਿਗੁਰੂ ਸਿਮਰਨ 6 ਤੋ 8 ਵਜ਼ੇ ਤੱਕ ਦੀਵਾਨ ਸਜਣਗੇ।

ਐਤਵਾਰ 9 ਜੂਨ 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਅਤੇ ਰਾਗੀ ਜਥਾ ਕੀਰਤਨ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




ਬੇਨਤੀ ਕਰਤਾ: ਵਾਰਿਸ ਪੰਜਾਬ ਦੇ 'ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ(UK)


ਅੰਮ੍ਰਿਤ ਛਕੋ
ਸ੍ਰੀ ਅਕਾਲ ਸਹਾਇ
ਸਿੰਘ ਸਜੋ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ
ਗੁਰਮਤਿ ਸਿਖਲਾਈ ਕੈਂਪ- 2024
ਮਿਤੀ 2 ਜੂਨ ਤੋਂ 30 ਜੂਨ ਤੱਕ ਰੋਜ਼ਾਨਾ
ਗੁਰਦੁਆਰਾ ਗੁਰੂ ਨਾਨਕ ਪੁਰਾ ਨਾਰਨੌਲ - ਸਵੇਰੇ 09:00 ਤੋਂ 11:00 ਵਜੇ ਤੱਕ
ਗੁਰਦੁਆਰਾ ਕਿਰਾਰੋਦ ਨਾਰਨੌਲ - ਸ਼ਾਮ 05:00 ਤੋਂ 07:00 ਵਜੇ ਤੱਕ
ਇਸ ਕੈਂਪ ਵਿੱਚ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁਢਲੀ ਜਾਣਕਾਰੀ, ਗੁਰਬਾਣੀ ਦਾ ਸ਼ੁੱਧ ਉਚਾਰਣ ਅਤੇ ਗੁਰਮੁਖੀ ਲਿਪੀ ਦੀ ਜਾਣਕਾਰੀ ਦਿੱਤੀ ਜਾਵੇਗੀ।
ਵਿਸ਼ੇਸ਼ - ਕੈਂਪ ਦੀ ਸਮਾਪਤੀ ਤੋਂ ਉਪਰੰਤ 30 ਜੂਨ 2024 ਨੂੰ ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ।
ਜਿਸ ਵਿੱਚ ਕਥਾਵਾਚਕ, ਢਾਡੀ, ਕਵੀਸ਼ਰ ਅਤੇ ਹਜੂਰੀ ਰਾਗੀ ਜਥੇ ਹਾਜਰੀ ਭਰਨਗੇ। ਇਸ ਤੋਂ ਉਪਰੰਤ ਬੱਚਿਆਂ ਅਤੇ ਪ੍ਰਬੰਧਕਾਂ ਨੂੰ ਸਨਮਾਨਿਤ ਕੀਤਾ ਜਾਵੇਗਾ।
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ. ਤਜਿੰਦਰਪਾਲ ਸਿੰਘ ਨਾਰਨੌਲ
ਅੰਤ੍ਰਿੰਗ ਕਮੇਟੀ ਮੈਂਬਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬੇਨਤੀ ਕਰਤਾ :- ਸਮੂਹ ਸਾਧ ਸੰਗਤ ਨਾਰਨੌਲ ਅਤੇ ਸਕੱਤਰ ਧਰਮ ਪ੍ਰਚਾਰ (ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ)


ਅੰਮ੍ਰਿਤ ਛਕੋ
ਸ੍ਰੀ ਅਕਾਲ ਸਹਾਇ
ਸਿੰਘ ਸਜੋ
ਗੁਰਮਤਿ ਸਿੱਖ ਕੇ ਅਸੀਂ ਸਿਖਾਉਣੀ ਅੰਮ੍ਰਿਤਧਾਰੀ ਕੌਮ ਬਣਾਉਣੀ ਕਰਨਾ ਸਿੱਖੀ ਦਾ ਪ੍ਰਚਾਰ ਸਾਰੀ ਦੁਨੀਆਂ ਦੇ ਵਿਚਕਾਰ
ਸ੍ਰੀ ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ
ਅੰਬਾਲਾ ਜ਼ਿਲੇ ਦੀ ਸਮੁੱਚੀ ਸਿੱਖ ਸੰਗਤ ਦੇ ਸਹਿਯੋਗ ਸਦਕਾ
8ਵੀਂ ਜਮਾਤ ਤੋਂ 12ਵੀਂ ਜਮਾਤ ਤੱਕ ਦੇ ਬੱਚਿਆਂ ਨੂੰ ਸਿੱਖੀ ਤੇ ਮਾਣ ਮਹਿਸੂਸ ਕਰਵਾਉਣ ਦੇ ਯਤਨ ਵਜੋਂ
ਦੂਸਰਾ ਬਾਲਾ ਪ੍ਰੀਤਮ ਗੁਰਮਤਿ ਸਿਖਲਾਈ ਕੈਂਪ
ਸਥਾਨ - ਗੁਰਦੁਆਰਾ ਪੰਜੋਖਰਾ ਸਾਹਿਬ, ਪਾ: ੮ਵੀਂ ਅੰਬਾਲਾ ਹਰਿਆਣਾ
ਮਿਤੀ – 12 ਜੂਨ 2024 ਤੋਂ 15 ਜੂਨ 2024 ਤੱਕ, ਸਮਾਂ – ਸਵੇਰੇ 09:00 ਵਜੇ ਤੋਂ ਦੁਪਹਿਰ 02:00 ਵਜੇ ਤੱਕ
ਗੁਰਮਤਿ ਕੈਂਪ ਦੇ ਅਖੀਰਲੇ ਦਿਨ ਵਿਦਿਆਥੀਆਂ ਦਾ ਧਾਰਮਿਕ ਪੇਪਰ ਵੀ ਲਿਆ ਜਾਵੇਗਾ।
ਜਾਣਕਾਰੀ ਲਈ ਸੰਪਰਕ - ਮੈਨੇਜਰ ਗੁ: ਪੰਜੋਖਰਾ ਸਾਹਿਬ ਅੰਬਾਲਾ (9991037375) , ਹੈਡ ਗ੍ਰੰਥੀ ਬਾਬਾ ਬੂਟਾ ਸਿੰਘ ਜੀ (9728333218), ਪ੍ਰਚਾਰਕ ਮਨਪ੍ਰੀਤ ਸਿੰਘ ਜਨਸੂਆ (8221858675)
ਸਵਾਲ ਜਬਾਬ ਮੁਕਾਬਲਾ
ਕਵਿਤਾ ਲੈਕਚਰ ਮੁਕਾਬਲਾ
ਦਸ ਗੁਰੂ ਸਾਹਿਬਾਨਾਂ ਦਾ ਜੀਵਨ ਬਿਓਰਾ
ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਲਈ ਰੈਫਰੇਸ਼ਮੈਂਟ ਅਤੇ ਗੁਰੂ ਕੇ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇਗਾ।
● ਬੱਚਿਆਂ ਨੂੰ ਲਿਆਉਣ ਲਈ ਬੱਸਾਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ।
● ਕੈਂਪ ਦੀ ਰਜਿਸਟਰੇਸ਼ਨ 10 ਜੂਨ ਤੱਕ ਹੋਵੇਗੀ।
● ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ।
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ. ਸੁਦਰਸ਼ਨ ਸਿੰਘ ਅੰਬਾਲਾ
ਸੀਨੀਅਰ ਮੀਤ ਪ੍ਰਧਾਨ HSGMC
ਸ. ਬੀ. ਐਸ. ਅੰਬਾਲਾ
ਮੈਂਬਰ HSGMC
ਸ. ਟੀ. ਪੀ. ਸਿੰਘ ਅੰਬਾਲਾ
ਅੰਤ੍ਰਿੰਗ ਮੈਂਬਰ HSGMC
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬੇਨਤੀ ਕਰਤਾ - ਸਮੂੰਹ ਮੈਂਬਰ ਸਾਹਿਬਾਨ ਅਤੇ ਸਕੱਤਰ ਧਰਮ ਪ੍ਰਚਾਰ (ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ)

ਦੇਗ ਤੇਗ ਫਤਿਹ

ਪੰਥ ਕੀ ਜੀਤ

ਅੰਮ੍ਰਿਤ ਛਕੋ – ਸਿੰਘ ਸਜੋ

ਵਿੱਦਿਆ ਸਭ ਦਾ ਮਾਣ ਹੈ, ਵਿੱਦਿਆ ਦਿੰਦੀ ਗਿਆਨ ॥
ਵਿੱਦਿਆ ਪੜ੍ਹੀਏ ਚਿੱਤ ਲਾ, ਵਿੱਦਿਆ ਦੇਈਏ ਦਾਨ ॥

ਧਰਮ ਪ੍ਰਚਾਰ ਕਮੇਟੀ H.S.G.M.C ਕੁਰੁਕਸ਼ੇਤਰ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ

# ਗੁਰਮਤਿ ਸਿਖਲਾਈ ਕੈਂਪ–2024

ਇਸ ਕੈਂਪ ਵਿਚ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁੱਢਲੀ ਜਾਣਕਾਰੀ, ਗੁਰਬਾਣੀ ਦਾ ਸ਼ੁਧ ਉਚਾਰਣ, ਸਿਖ ਇਤਿਹਾਸ ਦੀ ਜਾਣਕਾਰੀ, ਗੁਰਬਾਣੀ ਕੰਠ ਕੀਰਤਨ ਦੀ ਸਿਖਲਾਈ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼੍ਰੀ ਅਖੰਡ ਪਾਠ, ਸਹਿਜ ਪਾਠ, ਸਪਤਾਹਿਕ ਸਹਿਜ ਪਾਠ ਕਰਨ ਦੇ ਨਿਯਮ ਬਾਰੇ ਜਾਣਕਾਰੀ ਦਿਤੀ ਜਾਵੇਗੀ । ਅਤੇ ਦਸਤਾਰ ਸਜਾਉਣ ਦੀ ਸਿਖਲਾਈ ਦਿਤੀ ਜਾਵੇਗੀ ।

ਇਹ ਗੁਰਮਤਿ ਕੈਂਪ ਗੁ: ਬੰਗਲਾ ਸਾਹਿਬ, ਰੋਹਤਕ ਵਿਖੇ 26 ਮਈ ਤੋਂ 29 ਜੂਨ 2024 ਤਕ ਰੋਜ਼ਾਨਾ ਸ਼ਾਮ 4:00 ਵਜੇ ਤੋਂ 7:00 ਵਜੇ ਤਕ ਚਲੇਗਾ ।

ਗੁਰਮਤਿ ਕੈਂਪ ਦੀ ਸਮਾਪਤੀ 30 ਜੂਨ 2024 ਐਤਵਾਰ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਸਵੇਰੇ 10 ਤੋਂ 1:00 ਵਜੇ ਤਕ ਹੋਵੇਗੀ । ਜਿਸ ਵਿਚ ਬਚਿਆਂ ਦੁਆਰਾ ਕੀਰਤਨ, ਸਿੱਖ ਇਤਿਹਾਸ ਅਤੇ ਗੁਰਬਾਣੀ ਪ੍ਰਤਿਯੋਗਤਾ ਹੋਵੇਗੀ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨੀ ਲਗਾਇਆ ਜਾਵੇਗਾ ।

ਸਮਾਪਤੀ ਉਪਰੰਤ ਕਲਗੀਧਰ ਪਿਤਾ ਅੰਮ੍ਰਿਤਦਾਤਾ ਦੀ ਬਖਸ਼ੀਸ਼ ਅੰਮ੍ਰਿਤ ਸੰਚਾਰ ਕੀਤਾ ਜਾਵੇਗਾ ।

ਨੋਟ : ਨੌਜਵਾਨ ਬੱਚੇ ਤੇ ਬੱਚੀਆਂ ਨੂੰ ਕੇਸਾਂ ਦੀ ਬੇਅਦਬੀ ਤੇ ਨਸ਼ਿਆਂ ਤੋਂ ਦੂਰ ਰਖਣ ਲਈ ਗੁਰਮਤਿ ਕੈਂਪ ਵਿੱਚ ਜਰੂਰ ਭੇਜੋ ਜੀ

ਗੁਰਚਰਨ ਸਿੰਘ ਖਾਲਸਾ ਇੰਚਾਰਜ ਗੁਰਮਤਿ ਕਲਾਸਿਸ



## ਅੰਮ੍ਰਿਤ ਸੰਚਾਰ

ਮਿਤੀ 30 ਜੂਨ 2024 ਦਿਨ ਐਤਵਾਰ ਦੁਪਹਿਰ 12:30 ਵਜੇ

ਨੋਟ : ਕਕਾਰ ਮੁਫਤ ਦਿੱਤੇ ਜਾਣਗੇ



ਸ. ਭੁਪਿੰਦਰ ਸਿੰਘ ਜੀ ਅਸੰਧ
(ਪ੍ਰਧਾਨ H.S.G.M.C.)



ਸ: ਹਰਭਜਨ ਸਿੰਘ ਰਾਠੌਰ
ਮੈਂਬਰ H.S.G.M.C.
M. 9896003836



ਜ: ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
H.S.G.M.C.

ਬੇਨਤੀ ਕਰਤਾ : ਸਕਤਰ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਮੈਨੇਜਰ, ਗੁਰਦੁਆਰਾ ਬੰਗਲਾ ਸਾਹਿਬ, ਰੋਹਤਕ (ਹਰਿਆਣਾ)
ਸੰਪਰਕ ਨੰ: 9813230906, 9728715453, 9896828411, 9896003836, 9911325568

* Arun Printers, Quilla Mohalla, Rohtak. Ph. 9896455615



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**


ਦਮਦਮੀ ਟਕਸਾਲ
ਗੁਰੂ ਹਰਿਰਾਇ
ਦਮਦਮੀ ਟਕਸਾਲ ਵੱਲੋਂ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁਧ ਪਾਠ ਬੋਧ ਸਮਾਗਮ
ਅਰੰਭ 20 July 2024 ਤੋਂ 18 August 2024 ਤੱਕ
ਭਾਗ ਲੈਣ ਵਾਲੇ ਗੁਰਸਿੱਖਾਂ ਨੂੰ ਬੇਨਤੀ ਹੈ ਕੇ ਚਿੱਟੇ ਹਜੂਰੀਏ ਲਿਓਣ ਦੀ ਕਿਰਪਾਲਤਾ ਕਰਨ । ਸੋਮਵਾਰ ਤੋ ਸ਼ੁਕਰਵਾਰ ਸਮਾ 6pm ਤੋ 9pm । ਸ਼ਨੀਵਾਰ ਤੇ ਐਤਵਾਰ ਸਮਾ 2pm ਤੋਂ 3.30pm ਅਤੇ 4pm ਤੋਂ 6pm । ਦਮਦਮੀ ਟਕਸਾਲ ਦੇ facebook page, youtube channel ਅਤੇ sangat tv ਤੇ ਸਿਧਾ ਪ੍ਰਸਾਰਨ ਕੀਤਾ ਜਾਵੇਗਾ । ਵਧੇਰੇ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ ਤੇ ਸੰਪਰਕ ਕਰੋ ।
GURDWARA SRI GUR HAR RAI SAHIB JI
128 HIGH STREET, WEST BROMWICH (IN UNIT), UK
07454 023 665
07940 368926
07478 804 044


ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸਿੱਖ ਸੰਗਤਾਂ ਦੇ ਸਹਿਯੋਗ ਨਾਲ
ਜੂਨ 1984 ਦੇ ਸਮੂੰਹ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ
20ਵੀਂ ਸਦੀ ਦੇ ਮਹਾਨ ਸਿੱਖ ਸ਼ਹੀਦ ਸੰਤ ਗਿ: ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ
ਅਮਰ ਸ਼ਹੀਦ ਭਾਈ ਅਮਰੀਕ ਸਿੰਘ ਜੀ
ਅਮਰ ਸ਼ਹੀਦ ਬਾਬਾ ਠਾਰਾ ਸਿੰਘ ਜੀ
ਅਮਰ ਸ਼ਹੀਦ ਭਾਈ ਅਮਰੀਕ ਸਿੰਘ ਜੀ
40ਵਾਂ ਘੱਲੂਘਾਰਾ ਸ਼ਹੀਦੀ ਸਮਾਗਮ
ਗੁਰਦੁਆਰਾ ਸਾਹਿਬ ਪਾਤਸ਼ਾਹੀ 10ਵੀਂ ਨਾਢਾ ਸਾਹਿਬ ਪੰਚਕੂਲਾ (ਹਰਿਆਣਾ) ਵਿਖੇ
ਮਿਤੀ 9 ਜੂਨ 2024 ਦਿਨ ਐਤਵਾਰ ਸਵੇਰੇ 10 ਵਜ਼ੇ ਤੋਂ ਦੁਪਹਿਰ 2 ਵਜ਼ੇ ਤੱਕ
ਘੱਲੂਘਾਰਾ ਸ਼ਹੀਦੀ ਸਮਾਗਮ ਵਿੱਚ ਪੰਥ ਪ੍ਰਸਿੱਧ ਕੀਰਤਨੀਏ ਪ੍ਰਚਾਰਕ ਢਾਡੀ ਜੱਥੇ
ਪੰਥਕ ਆਗੂ ਸਾਹਿਬਾਨ ਸੰਤ ਮਹਾਂਪੁਰਸ਼ ਪੁੱਜ ਕੇ ਗੁਰਬਾਣੀ ਕਥਾ ਕੀਰਤਨ
ਗੁਰਮਤਿ ਵਿਚਾਰਾਂ ਦੁਆਰਾ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਨਗੇ
ਸਰਬੱਤ ਸੰਗਤਾਂ ਸਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਨ
ਲਈ ਵਹੀਰਾਂ ਘੱਤ ਕੇ ਪੁੱਜੋ ਜੀ।
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬੇਨਤੀ ਕਰਤਾ - ਸਕੱਤਰ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਮੈਨੇਜਰ ਗੁਰਦੁਆਰਾ ਨਾਢਾ ਸਾਹਿਬ ਅਤੇ ਸਾਧਸੰਗਤ ਹਰਿਆਣਾ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ




## ‘ਹਰਿਆਵਲ ਪੰਜਾਬ ਅੰਮ੍ਰਿਤਸਰ’ ਦੀ ਟੀਮ ਮੈਂਬਰ ਜਸਪ੍ਰੀਤ ਕੌਰ ਆਪਣੇ ਜਨਮਦਿਨ ’ਤੇ

# ‘ਏਕ ਪੇੜ ਦੇਸ਼ ਕੇ ਨਾਮ ਮੁਹਿੰਮ’ ਤਹਿਤ ਰੁੱਖ ਲਗਾ ਕੇ ਹੋਰਨਾਂ ਲਈ ਪ੍ਰੇਰਨਾ ਸਰੋਤ ਬਣੀ

### ਹਰਿਆਵਲ ਪੰਜਾਬ ਦੀ ਜੱਪਪ੍ਰੀਤ ਨੇ ਆਪਣੇ ਜਨਮਦਿਵਸ ਮੌਕੇ ਪੌਦੇ ਲਗਾ ਦਿੱਤਾ ਇਕ ਚੰਗਾ ਸੁਨੇਹਾ : ਇੰਜੀ ਸੈਣੀ

**ਚੌਕ ਮਹਿਤਾ, 8 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਤੰਦਰੁਸਤ ਵਾਤਾਵਰਨ ਸਿਰਜਣ ਲਈ ਪੰਜਾਬ ਵਿੱਚ ਹਰਿਆਵਲ ਪੰਜਾਬ ਸੰਸਥਾ ਖ਼ਾਸ ਯੋਗਦਾਨ ਪਾ ਰਹੀ ਹੈ ਰੁੱਖ ਵਾਤਾਵਰਣ ਸੁਧਾਰ ਵਿੱਚ ਖਾਸ ਯੋਗਦਾਨ ਪਾਉਂਦੇ ਹਨ ਮਨੁੱਖੀ ਸਾਹ ਪ੍ਰਨਾਲੀ ਲਈ ਲੋੜੀਦੀਂ ਆਕਸੀਜਨ, ਵਰਖਾ ਲਈ ਨਮੀ , ਧਰਤੀ ਮਾਂ ਨੂੰ ਕੜਕਦੀ ਧੁੱਪ ਵਿੱਚ ਠੰਡਾ ਰੱਖਣ ਲਈ ਅਤੇ ਹੋਰ ਅਨੇਕਾਂ ਕਮਾਂ ਲਈ ਰੁੱਖਾਂ ਦਾ ਪੂਰੀ ਮਾਤਰਾ ਵਿੱਚ ਹੋਣਾ ਜ਼ਰੂਰੀ ਹੈ ਪਰ ਤਰੱਕੀ ਦੀ ਦੌੜ ਅਧੀਨ ਰੁੱਖਾਂ ਦੀ ਕਟਾਈ ਕਾਰਣ ਪੰਜਾਬ ਅੰਦਰ ਗਰੀਨ ਕੰਵਰ ਲਗਭਗ 5% ਰਹਿ ਗਿਆ ਹੈ ਨਜ਼ਾਕਤ ਨੂੰ ਸਮਝਦਿਆਂ ਹਰਿਆਵਲ ਪੰਜਾਬ *ਏਕ ਪੇੜ ਦੇਸ਼ ਕੇ ਨਾਮ* ਹੇਠਾਂ ਜਾਗੁਰਤਾ ਲਹਿਰ ਚਲਾ ਰਿਹਾ ਹੈ ।ਪੰਜਾਬ ਦੇ ਸਹਿਸੰਯੋਜਕ ਸੰਜੀਵ ਸਲਹੋਤਰਾ ਦੇ ਦਿਸ਼ਾ ਨਰਦੇਸ਼ਾ ਅਨੁਸਾਰ ਅੰਮ੍ਰਿਤਸਰ ਹਰਿਆਵਲ ਟੀਮ ਤਨਦੇਹੀ ਨਾਲ ਜਾਗਰੁਕਤਾ ਲਹਿਰ ਚਲਾ ਰਹੀ ਹੈ ।



ਅੱਜ ਹਰਿਆਵਲ ਪੰਜਾਬ ਅੰਮ੍ਰਿਤਸਰ ਦੀ ਟੀਮ ਵੱਲੋਂ ਟੀਮ ਮੈਬਰ ਜਪਪ੍ਰੀਤ ਕੌਰ ਦੇ ਜਨਮਦਿਨ ਤੇ ਜੌੜਾ ਫਾਟਕ ਨੇੜੇ ਪੌਦੇ ਲਗਾ ਜਨਤਾ ਨੂੰ *ਏਕ ਪੇੜ ਦੇਸ਼ ਕੇ ਨਾਮ* ਦਾ ਸੁਨੇਹਾ ਦਿੱਤਾ ।ਹਰਿਆਵਲ ਟੀਮ ਦੇ ਪ੍ਰੋਫੈਸਰ ਰਾਜੀਵ (ਜ਼ਿਲ੍ਹਾ ਸੰਯੋਜਕ), ਇੰਜ ਮਨਜੀਤ ਸੈਣੀ (ਪ੍ਰਧਾਨ ਏਕ ਪੇੜ ਦੇਸ਼ ਕੇ ਨਾਮ ਜ਼ਿਲ੍ਹਾ ਅੰਮ੍ਰਿਤਸਰ), ਡਾ ਇਕਬਾਲ ਸਿੰਘ ਤੁੰਗ(ਸੀਨੀਅਰ ਵਾਇਸ ਪ੍ਰਧਾਨ), ਰਮਨ ਜੀ (ਸੰਯੋਜਕ ਕੂੜਾ ਪ੍ਰਬੰਧਨ) , ਵਿਪਨ ਸ਼ਰਮਾ ( ਸਹਿ ਸੰਯੋਜਕ ਸਿੱਖਿਆ ਸੰਸਥਾਨ) , ਜਪਪ੍ਰੀਤ ਕੌਰ(ਮੈਂਬਰ), ਗੋਬਿੰਦ ਸਿੰਘ ਮਿੱਟੂ (ਮੈਂਬਰ) ਨੇ ਹਿੱਸਾ ਲਿਆ ।ਇੱਥੇ ਖ਼ਾਸ ਵਰਨਣ ਕੀਤਾ ਜਾਂਦਾ ਹੈ ਕਿ ਸ੍ਰੀ ਇਕਬਾਲ ਸਿੰਘ ਤੁੰਗ ਗਲੀ- ਸੜਕਾਂ ਆਦਿ ਤੋਂ ਪਿੱਪਲ ਬੋਹੜ ਨਿੰਮ ਅਤੇ ਹੋਰ ਆਯੁਰਵੈਦਿਕ ਦਵਾਈ ਲਈ ਕੰਮ ਆਉਣ ਵਾਲੇ ਪੌਦੇ ਇਕੱਠੇ ਕਰ ਉਸ ਨੂੰ ਪਾਲਦੇ ਹਨ ਜਿਸ ਵਿੱਚ ਉਹਨਾਂ ਦੀ ਬੇਟੀ ਜੱਪਪ੍ਰੀਤ ਵੀ ਪੜਾਈ ਦੇ ਨਾਲ ਨਾਲ ਸਾਥ ਦੇਦੀਂ ਹੈ, ਫਿਰ ਹਰਿਆਵਲ ਪੰਜਾਬ ਅੰਮ੍ਰਿਤਸਰ ਟੀਮ ਵੱਲੋਂ ਲੋੜੀਂਦੀਆਂ ਜਗ੍ਹਾ ਲੱਭ ਇਹਨਾਂ ਨੂੰ ਲਗਾਇਆ ਜਾਂਦਾ ਹੈ ।

ਇਸ ਮੌਕੇ ਪ੍ਰੋਫੈਸਰ ਰਾਜੀਵ ਵੱਲੋਂ ਬੇਟੀ ਨੂੰ ਵਧਾਈ ਦੇਦੀਆਂ ਕਿਹਾ ਕਿ ਜੇ ਸਾਰੇ ਬੱਚੇ ਇਸ ਤਰ੍ਹਾਂ ਕਰਨ ਤਾਂ ਲਹਿਰ ਨੂੰ ਭਾਰੀ ਹੁੰਗਾਰਾ ਮਿਲੇ ਗਾ ।ਇੰਜ ਮਨਜੀਤ ਸਿੰਘ ਸੈਣੀ ਵੱਲੋਂ ਸਭ ਨੂੰ ਇਕ ਪੇੜ ਦੇਸ਼ ਦੇ ਨਾਮ ਸੁਨੇਹਾ ਦੇਦਿਆਂ ਕਿਹਾ ਕਿ ਵੱਧ ਤੋਂ ਵੱਧ ਰੁੱਖ ਲਗਾ ਡਾਵਂਡੋਲ ਹੋ ਰਹੇ ਵਾਤਾਵਰਣ ਨੂੰ ਸੁਧਾਰਣ ਵਿੱਚ ਯੋਗਦਾਨ ਪਾਇਆ ਜਾਵੇ ਜੀ ।ਸ੍ਰੀ ਵਿਪਣ ਸ਼ਰਮਾ ਨੇ ਉਸੇ ਜਗ੍ਹਾ ਦੋ ਮਹੀਨੇ ਪਹਿਲਾਂ ਲਗਾਏ ਪੌਦੇ ਜਿਹਨਾਂ ਦੀ ਤੁੰਗ ਸਾਹਿਬ ਅਤੇ ਗੋਬਿੰਦ ਸਿੰਘ ਮਿੱਟੂ ਹਰ ਰੋਜ਼ ਪਾਣੀ ਦੇ ਸੇਵਾ ਕਰ ਪੂਰੀ ਪੁੰਗਾਰ ਤੇ ਲੈ ਆਏ ਹਨ ,ਧੰਨਵਾਦ ਕਰਦਿਆਂ ਕਿਹਾ ਕਿ ਲਗਾਏ ਪੌਦਿਆਂ ਦੀ ਸਾਂਭ ਸੰਭਾਲ ਵੀ ਇੱਕ ਬਹੁਤ ਨੇਕ ਕੰਮ ਹੈ। ਰਮਣ ਜੀ ਨੇ ਲੋਕਾਂ ਨੂੰ ਉੱਥੇ ਕੂੜਾ ਕਰਕਟ ਡੰਪ ਨਾ ਕਰਨ ਦੀ ਅਪੀਲ ਕਰਦੇ ਕਿਹਾ ਕਿ ਆਓ ਆਪਣੀ ਧਰਤੀ ਨੂੰ ਸੁੰਦਰ ਬਣਾਈਏ।







ਆਵਾਜ਼ਿ ਕੌਮ AWAZE QAUM
International Newspaper & WEB TV

ਖ਼ਾਲਿਸਤਾਨੀ ਜਰਨੈਲ ਸਿਮਰਨਜੀਤ ਸਿੰਘ ਮਾਨ ਵੱਲੋਂ

# ਤਵਾਰੀਖ਼ ਸ਼ਹੀਦ ਏ ਖ਼ਾਲਿਸਤਾਨ ਭਾਗ ਪਹਿਲਾ ਕਿਤਾਬ ਜਾਰੀ, ਲੇਖਕ ਰਣਜੀਤ ਸਿੰਘ ਦਮਦਮੀ ਟਕਸਾਲ ਦੀ ਕੀਤੀ ਸ਼ਲਾਘਾ







**ਅੰਮ੍ਰਿਤਸਰ, 8 ਜੂਨ (ਆਵਾਜ਼ਿ ਕੌਮ ਬਿਊਰੋ)**-ਸਿੱਖ ਯੂਥ ਫੈ.ਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ, ਪੰਥਕ ਲੇਖਕ ਅਤੇ ਸਿੱਖ ਪ੍ਰਚਾਰਕ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਵੱਲੋਂ ਲਿਖੀ ਤਵਾਰੀਖ਼ ਸ਼ਹੀਦ ਏ ਖ਼ਾਲਿਸਤਾਨ ਭਾਗ ਪਹਿਲਾ ਕਿਤਾਬ ਮੁੜ ਪ੍ਰਕਾਸ਼ਿਤ ਹੋਈ ਹੈ ਜਿਸ ਦਾ ਦੂਜਾ ਐਡੀਸ਼ਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਕੌਮੀ ਪ੍ਰਧਾਨ, ਖ਼ਾਲਿਸਤਾਨੀ ਜਰਨੈਲ ਅਤੇ ਸਾਬਕਾ ਮੈਂਬਰ ਪਾਰਲੀਮੈਂਟ ਸਰਦਾਰ ਸਿਮਰਨਜੀਤ ਸਿੰਘ ਮਾਨ ਵੱਲੋਂ ਸ੍ਰੀ ਅੰਮ੍ਰਿਤਸਰ ਦੇ ਰਣਜੀਤ ਐਵੀਨਿਊ ਵਿਖੇ ਜਾਰੀ ਕੀਤਾ ਗਿਆ। ਇਸ ਮੌਕੇ ਸਰਦਾਰ ਸਿਮਰਨਜੀਤ ਸਿੰਘ ਮਾਨ ਨੇ ਪੰਥਕ ਲੇਖਕ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਵੱਲੋਂ ਕੀਤੇ ਇਸ ਇਤਿਹਾਸਕ ਕਾਰਜ ਦੀ ਭਰਪੂਰ ਸ਼ਲਾਘਾ ਕਰਦਿਆਂ ਸ਼ਾਬਾਸ਼ ਦਿੱਤੀ ਤੇ ਹਰੇਕ ਸਿੱਖ ਨੂੰ ਅਪੀਲ ਕੀਤੀ ਕਿ ਇਸ ਕਿਤਾਬ ਨੂੰ ਜ਼ਰੂਰ ਪੜ੍ਹੇ ਜਿਸ ਵਿੱਚ ਖ਼ਾਲਿਸਤਾਨੀ ਸ਼ਹੀਦਾਂ ਦੀ ਯਾਦ ਸਮੋਈ ਹੈ। ਲੇਖਕ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਦੱਸਿਆ ਕਿ 528 ਪੰਨਿਆਂ ਦੀ ਇਸ ਕਿਤਾਬ ਵਿੱਚ 1984 ਤੋਂ 1995 ਤੱਕ ਸ਼ਹੀਦ ਹੋਏ ਨਾਮਵਰ ਅਤੇ ਅਣਗੌਲੇ ਸਿੰਘਾਂ ਸਿੰਘਣੀਆਂ ਦਾ ਇਤਿਹਾਸ ਹੈ ਜੋ ਪੰਥ ਅਤੇ ਪੰਜਾਬ ਦੀ ਆਜ਼ਾਦੀ ਤੇ ਗੁਰਧਾਮਾਂ ਦੀ ਪਵਿੱਤਰਤਾ ਲਈ ਸੀਸ ਵਾਰ ਗਏ ਸਨ। ਉਹਨਾਂ ਦੱਸਿਆ ਕਿ ਇਹ ਕਿਤਾਬ ਪਹਿਲੀ ਵਾਰ ਅਗਸਤ 2019 ਵਿੱਚ ਛਪੀ ਸੀ ਜੋ ਹੱਥੋਂ ਹੱਥ ਵਿਕ ਗਈ ਤੇ ਸੰਗਤਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ। ਪਿਛਲੇ ਸਾਲਾਂ ਤੋਂ ਇਸ ਕਿਤਾਬ ਦੀ ਪਾਠਕਾਂ ਵੱਲੋਂ ਲਗਾਤਾਰ ਮੰਗ ਕੀਤੀ ਜਾ ਰਹੀ ਸੀ, ਤੇ ਹੁਣ ਕਿਤਾਬ ਵਿੱਚ ਹੋਰ ਵਾਧਾ ਕਰਦਿਆਂ ਪ੍ਰਕਾਸ਼ਕ ਖ਼ਾਲਸਾ ਫ਼ਤਹਿਨਾਮਾ ਵੱਲੋਂ ਸਿੱਖ ਯੂਥ ਆਫ ਅਮਰੀਕਾ ਦੇ ਸਹਿਯੋਗ ਨਾਲ ਛਾਪੀ ਗਈ ਹੈ। ਇਸ ਕਿਤਾਬ ਨੂੰ ਪੜ੍ਹ ਕੇ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਵੱਲੋਂ ਪੰਥ ਤੇ ਪੰਜਾਬ ਦੇ ਹੱਕਾਂ ਲਈ ਲਾਏ ਧਰਮ ਯੁੱਧ ਮੋਰਚੇ, ਜੂਨ 1984 ਦੇ ਘੱਲੂਘਾਰੇ ਅਤੇ ਇਸ ਤੋਂ ਬਾਅਦ ਖ਼ਾਲਿਸਤਾਨ ਦੀ ਅਜ਼ਾਦੀ ਲਈ ਚੱਲੇ ਹਥਿਆਰਬੰਦ ਸੰਘਰਸ਼, ਸ਼ਹੀਦਾਂ ਦੇ ਮਾਣਮੱਤੇ ਇਤਿਹਾਸ ਅਤੇ ਸਿੱਖ ਕੌਮ ਉੱਤੇ ਹੋਏ ਜ਼ੁਲਮਾਂ ਤੋਂ ਸੰਗਤਾਂ ਜਾਣੂੰ ਹੋਣਗੀਆਂ। ਇਸ ਮੌਕੇ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਦੀ ਸੁਪਤਨੀ ਬੀਬਾ ਕਮਲਜੀਤ ਕੌਰ ਨਿਹੰਗ, ਭੁਝੰਗੀ ਗੁਰਬਾਜ਼ ਸਿੰਘ ਅਤੇ ਗੁਰਪੰਥ ਪ੍ਰਥਮ ਸਿੰਘ, ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਈਮਾਨ ਸਿੰਘ ਮਾਨ, ਜਨਰਲ ਸਕੱਤਰ ਉਪਕਾਰ ਸਿੰਘ ਸੰਧੂ, ਹਰਪਾਲ ਸਿੰਘ ਬਲੇਰ, ਪ੍ਰੋਫੈਸਰ ਮਹਿੰਦਰਪਾਲ ਸਿੰਘ, ਬਾਬਾ ਲਹਿਣਾ ਸਿੰਘ ਦਮਦਮੀ ਟਕਸਾਲ, ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਭਾਈ ਬਲਵੰਤ ਸਿੰਘ ਗੋਪਾਲਾ, ਮੀਤ ਪ੍ਰਧਾਨ ਭੁਪਿੰਦਰ ਸਿੰਘ ਛੇ ਜੂਨ, ਅੰਗਦ ਸਿੰਘ ਕਸ਼ਮੀਰ, ਅੰਮ੍ਰਿਤਪਾਲ ਸਿੰਘ ਛੰਦੜਾ, ਜਤਿੰਦਰ ਸਿੰਘ ਥਿੰਦ, ਚਾਨਣ ਸਿੰਘ ਘਰਿਆਲਾ ਤੇ ਹੋਰ ਆਗੂ ਹਾਜ਼ਰ ਸਨ।



## ਉਧਮਪੁਰ ਵਿਖੇ ਲਗਣ ਵਾਲੇ ਵਿਸ਼ਾਲ ਭੰਡਾਰੇ ਦਾ ਸਟਿੱਕਰ ਡਾ. ਮੰਨਨ ਆਨੰਦ ਅਤੇ ਭੱਟੀ ਨੇ ਕੀਤਾ ਰਿਲੀਜ਼



**ਚੌਕ ਮਹਿਤਾ, 7 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਜੈ ਸ਼੍ਰੀ ਮਹਾਕਾਲ ਸੇਵਾ ਮੰਡਲ (ਰਜਿ) ਅੰਮ੍ਰਿਤਸਰ ਵੱਲੋਂ ਸ਼੍ਰੀ ਅਮਰਨਾਥ ਜਾਣ ਵਾਲੇ ਸ਼ਰਧਾਲੂਆਂ ਲਈ ਉਧਮਪੁਰ ਜੰਮੂ ਕਸ਼ਮੀਰ ਵਿੱਚ ਲਗਾਏ ਜਾ ਰਹੇ 14ਵੇਂ ਭੰਡਾਰੇ ਦਾ ਅੱਜ ਕਲੰਡਰ ਅਤੇ ਸਟੀਕਰ ਜਨਤਾ ਹਸਪਤਾਲ ਏਅਰਪੋਰਟ ਰੋਡ ਵਿਖੇ ਉੱਤਰ ਭਾਰਤ ਦੇ ਪ੍ਰਸਿੱਧ ਦਿਲ ਦੇ ਰੋਗਾਂ ਦੇ ਮਾਹਿਰ ਸਰਜਨ ਡਾ.ਮੰਨਨ ਆਨੰਦ, ਉਘੇ ਫਿਲਮੀ ਕਲਾਕਾਰ ਐਡਵੋਕੇਟ ਅਰਵਿੰਦਰ ਸਿੰਘ ਭੱਟੀ, ਸ਼ੂਗਰ ਰੋਗਾਂ ਦੀ ਮਾਹਿਰ ਡਾ.ਮੈਕਸਿਮਾ ਆਨੰਦ, ਆਪ ਆਗੂ ਰਣਜੀਤ ਸਿੰਘ ਗੋਲਡੀ ਗੁੰਮਟਾਲਾ, ਸਮਾਜ ਸੇਵਕ ਦੀਪਕ ਮਿੰਟੂ ਪੰਜਾਬ ਪ੍ਰਧਾਨ ਹਿਊਮਨ ਰਾਈਟਸ ਵੈਲਫੇਅਰ ਐਸੋ. ਵੱਲੋਂ ਸਾਂਝੇ ਤੌਰ ਤੇ ਰਿਲੀਜ਼ ਕੀਤਾ ਗਿਆ।ਇਸ ਸੰਬੰਧੀ ਮੰਡਲ ਦੇ ਪ੍ਰਧਾਨ ਅਤੇ ਉਘੇ ਆਰਟਿਸਟ ਰਾਜਪਾਲ ਸੁਲਤਾਨ ਨੇ ਦੱਸਿਆ ਕਿ ਇਹ ਵਿਸ਼ਾਲ ਭੰਡਾਰਾ 27 ਜੂਨ ਤੋਂ ਰੱਖੜੀ ਤੱਕ ਉਧਮਪੁਰ ਵਿਖੇ ਲਗਾਇਆ ਜਾ ਰਿਹਾ ਹੈ ਜਿਥੇ ਸ਼੍ਰੀ ਅਮਰਨਾਥ ਵਿਖੇ ਜਾਣ ਵਾਲੇ ਸ਼ਰਧਾਲੂਆਂ ਲਈ 24 ਘੰਟੇ ਲੰਗਰ, ਅਰਾਮ ਕਰਨ, ਮੋਬਾਇਲ ਚਾਰਜਿੰਗ, ਨਹਾਉਣ, ਮੈਡੀਕਲ ਸਹੂਲਤ ਦਾ ਪ੍ਰਬੰਧ ਹੋਵੇਗਾ।ਇਸ ਵਿੱਚ ਸ਼ਰਧਾਲੂਆਂ ਲਈ ਪੰਜਾਬੀ ਖਾਣਿਆਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ।ਇਸ ਮੌਕੇ ਭੱਟੀ, ਡਾ.ਮੰਨਨ ਆਨੰਦ, ਗੋਲਡੀ ਗੁੰਮਟਾਲਾ ਅਤੇ ਮਿੰਟੂ ਨੇ ਦੱਸਿਆ ਕਿ ਇਸ ਸੰਬੰਧੀ ਅੰਮ੍ਰਿਤਸਰ ਦੇ ਸ਼ਰਧਾਲੂਆਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਇਸ ਮੌਕੇ ਸਿਤੀਜ਼ ਸ਼ਰਮਾ, ਹਸਪਤਾਲ ਦੇ ਐਡਮਿਨੀਸਟ੍ਰੇਟਰ ਡਾ.ਗੁਰਮੀਤ ਸਿੰਘ ਚਾਹਲ, ਡਾ.ਪਲਵੀ ਸ਼ਰਮਾ, ਡਾ.ਅਮਿਸ਼ਾ, ਡਾ.ਚਰਨਕੰਵਲ, ਗੋਰਵ ਮਲਹੋਤਰਾ, ਕੰਵਲਜੀਤ ਸਿੰਘ ਵਾਲੀਆ, ਸਹਿਜ ਆਹਲੂਵਾਲੀਆ, ਹਰਪ੍ਰੀਤ ਸਿੰਘ, ਮੁਨੀਸ਼ ਠੁਕਰਾਲ ਆਦਿ ਹਾਜ਼ਰ ਸਨ।

## ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸਟੱਡੀ ਚੇਅਰ ਦੇ ਵਿਦਿਅਕ ਕਾਰਜ ਲਈ ਅਸੀਂ ਹਮੇਸ਼ਾਂ ਵਚਨਬਧ ਹਾਂ-ਡਾ. ਵਿਜੇ ਸਤਬੀਰ ਸਿੰਘ



**ਚੌਕ ਮਹਿਤਾ, 7 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਸਥਾਪਿਤ ਸਵਾਮੀ ਰਾਮਾਨੰਦ ਤੀਰਥ ਮਰਾਠਵਾੜਾ ਯੂਨੀਵਰਸਿਟੀ ਦੇ ਅਧੀਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਧਿਆਸਨ ਕੇਂਦਰ ਤੇ ਸਟੱਡੀ ਚੇਅਰ ਦੀ ਬਣ ਰਹੀ ਵਿਸ਼ਾਲ ਇਮਾਰਤ ਦਾ ਜਾਇਜਾ ਲੈਣ ਲਈ ਡਾ.ਵਿਜੇ ਸਤਬੀਰ ਸਿੰਘ ਜੀ ਸਾਬਕਾ ਆਈ.ਏ.ਐਸ. ਤੇ ਪ੍ਰਸ਼ਾਸਕ ਗੁਰਦੁਆਰਾ ਸੱਚਖੰਡ ਬੋਰਡ ਵਿਸ਼ੇਸ਼ ਤੌਰ ਤੇ ਵਿਦਿਆਪੀਠ ਦੇ ਪ੍ਰਾਗਣ ਵਿੱਚ ਪਹੁੰਚੇ ਉਥੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਮਨੋਹਰ ਜੀ, ਚਾਸਕਰ ਤੇ ਹੋਰ ਉੱਚ ਅਧਿਕਾਰੀਆਂ ਨਾਲ ਉਨ੍ਹਾਂ ਨੇ ਇਕ ਵਿਸ਼ੇਸ਼ ਮੀਟਿੰਗ ਕੀਤੀ ਇਸ ਮੌਕੇ ਤੇ ਆਪਸੀ ਵਿਚਾਰ ਵਟਾਂਦਰੇ ਦੌਰਾਨ ਡਾ. ਵਿਜੇ ਸਤਬੀਰ ਸਿੰਘ ਜੀ ਨੇ ਜਿਥੇ ਮਾਨਯੋਗ ਵਾਈਸ ਚਾਂਸਲਰ ਸਾਹਿਬ ਵੱਲੋਂ ਗੁਰੂ ਮਹਾਰਾਜ ਦੇ ਨਾਂ ਤੇ ਬਣ ਰਹੀ ਸਟੱਡੀ ਚੇਅਰ ਦੇ ਕਾਰਜ ਨੂੰ ਵਿਸ਼ੇਸ਼ ਤਵੱਜੋਂ ਦੇ ਕੇ ਅੱਗੇ ਵਧਾਉਣ ਲਈ ਧੰਨਵਾਦ ਕੀਤਾ ਤੇ ਉਥੇ ਨਾਲ ਹੀ ਉਨ੍ਹਾਂ ਨੇ ਕਿਹਾ ਕਿ ਇਸ ਵਿਦਿਆ ਕਾਰਜ ਦੀ ਪ੍ਰਫੁਲਤਾ ਲਈ ਜੋ ਵੀ ਜ਼ਰੂਰਤ ਜਾਂ ਸੇਵਾ ਹੋਵੇਗੀ ਗੁਰਦੁਆਰਾ ਬੋਰਡ ਉਸ ਲਈ ਹਮੇਸ਼ਾਂ ਖੁਲ੍ਹੇ ਮਨ ਨਾਲ ਤਤਪਰ ਰਹੇਗਾ ਮਾਨਯੋਗ ਵੀ.ਸੀ. ਡਾ.ਮਨੋਹਰ ਚਾਸਕਰ ਜੀ ਨੇ ਆਪਣੇ ਦਫਤਰ ਵਿੱਚ ਡਾ. ਵਿਜੇ ਸਤਬੀਰ ਸਿੰਘ ਤੇ ਸ੍ਰ: ਜਸਵੰਤ ਸਿੰਘ ਬੋਬੀ ਦਾ ਸਤਿਕਾਰ ਕੀਤਾ ਤੇ ਜੀ ਆਇਆਂ ਕਿਹਾ। ਵੀ.ਸੀ. ਸਾਹਿਬ ਨੇ ਦੱਸਿਆ ਕੇ ਬਹੁਤ ਜਲਦ ਹੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਧਿਆਸਨ ਕੇਂਦਰ ਦੀ ਇਮਾਰਤ ਤਿਆਰ ਹੋ ਜਾਵੇਗੀ ਜਿਸ ਵਿੱਚ ਸਿੱਖ ਧਰਮ ਨਾਲ ਸੰਬੰਧਿਤ ਇਕ ਵਿਸ਼ਾਲ ਮਿਊਜੀਅਮ ਤਿਆਰ ਕੀਤਾ ਜਾਵੇਗਾ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਜੀਵਨ ਤੇ ਕਾਰਜ, ਸਿਖਿਆਵਾਂ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੀ ਬਾਣੀ ਦਾ ਮਰਾਠੀ ਤੋਂ ਇਲਾਵਾ ਹੋਰ ਖੇਤਰੀ ਤੇ ਵਿਦੇਸ਼ੀ ਭਾਸ਼ਾਵਾਂ ਵਿੱਚ ਅਨੁਵਾਦ ਕਰਵਾਇਆ ਜਾਵੇਗਾ। ਉਨ੍ਹਾਂ ਨੇ ਡਾ. ਵਿਜੇ ਸਤਬੀਰ ਸਿੰਘ ਜੀ ਵੱਲੋਂ ਇਸ ਸਟੱਡੀ ਚੇਅਰ ਲਈ ਬਣਦੀ ਹਰ ਸਹਾਇਤਾ ਦੇਣ ਲਈ ਧੰਨਵਾਦ ਕੀਤਾ। ਉਨ੍ਹਾਂ ਨੇ ਇਹ ਵੀ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਅਸੀਂ ਇੰਟਰਨੈਸ਼ਨਲ ਪੱਧਰ ਦੇ ਸੈਮੀਨਾਰ ਵੀ ਇਥੇ ਕਰਵਾਉਣ ਦਾ ਵਿਚਾਰ ਕਰ ਰਹੇ ਹਾਂ। ਜਿਸ ਨਾਲ ਗੁਰੂ ਮਹਾਰਾਜ ਦੇ ਪ੍ਰੇਰਨਾ ਦਾਇਕ ਜੀਵਨ ਤੇ ਬਾਣੀ, ਵਿਚਾਰਧਾਰਾ ਤੋਂ ਸਮੁੱਚੀ ਮਾਨਵਤਾ ਨੂੰ ਵੱਡਾ ਲਾਭ ਪ੍ਰਾਪਤ ਹੋਵੇਗਾ ਇਸ ਮੌਕੇ ਅਮਰਪ੍ਰੀਤ ਸਿੰਘ ਜੱਜ ਤੇ ਹੋਰ ਪਤਵੰਤੇ ਸੱਜਣ ਮੌਜੂਦ ਸਨ

ਟੀਕਾਕਰਣ ਦੇ ਮਾਮੂਲੀ ਸਾਈਡ ਇਫੈਕਟਸ ਤੋਂ

# ਘਬਰਾਓਣ ਦੀ ਲੋੜ ਨਹੀਂ: ਡਾ ਵਰਿੰਦਰ ਪਾਲ ਕੌਰ

**ਚੌਕ ਮਹਿਤਾ, 7 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਵਿਭਾਗ ਤਰਨਤਾਰਨ ਵਲੋਂ ਸਿਵਲ ਸਰਜਨ ਡਾ ਭਾਰਤ ਭੂਸ਼ਣ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜਿਲ੍ਹਾ ਟੀਕਾਕਰਣ ਅਫਸਰ ਡਾ ਵਰਿੰਦਰ ਪਾਲ ਕੌਰ ਵਲੋਂ ਰਟੀਨ ਇਮੁਨਾਈਜੇਸ਼ਨ ਦੇ ਏ.ਈ.ਐਫ.ਆਈ ਅਤੇ ਮੀਜਲਸ-ਰੂਬੈਲਾ ਖਾਤਮਾਂ ਮੁਹਿੰਮ ਸੰਬਧੀ ਇਕ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਮੋਕੇ ਤੇ ਜਿਲ੍ਹਾ ਟੀਕਾਕਰਨ ਅਫਸਰ ਡਾ ਵਰਿੰਦਰ ਪਾਲ ਕੌਰ ਨੇ ਦੱਸਿਆ ਕਿ ਭਾਰਤ ਵਿਚ ਹਰ ਸਾਲ ਲਗਭਗ 2.7 ਕਰੋੜ ਬੱਚਿਆਂ ਨੂੰ ਅਤੇ 3 ਕਰੋੜ ਗਰਭਵਤੀ ਮਾਵਾਂ ਨੂੰ ਵੈਕਸੀਨੇਸ਼ਨ ਰਾਹੀ ਬਹੁਤ ਸਾਰੀਆਂ ਮਾਰੂ ਬੀਮਾਰੀਆਂ ਤੋਂ ਸੁਰੱਖਿਅਤ ਕੀਤਾ ਜਾਂਦਾ ਹੈ। ਇਹਨਾਂ ਟੀਕਾਕਰਣ ਦੇ ਕੁਝ ਮਾਮੂਲੀ ਸਾਈਡ ਇਫੈਕਟ ਵੀ ਹੋ ਸਕਦੇ ਹਨ ਜਿਵੇਂ ਬੁਖਾਰ, ਖਾਰਿਸ਼, ਸੋਜ, ਗਿਲਟੀ ਦਾ ਬਨਣਾਂ ਅਤੇ ਬਾਡੀ ਰੈਸ਼ ਆਦਿ। ਪਰ ਇਹਨਾਂ ਮਾਮੂਲੀ ਸਾਈਡ ਇਫੈਕਟਸ ਤੋਂ ਬਿਲਕੁਲ ਘਬਰਾਓਣ ਦੀ ਲੋੜ ਨਹੀ ਹੈ। ਇਸ ਕੁਝ ਦਿਨ ਬਾਦ ਆਪਣੇ ਆਪ ਜਾਂ ਸਾਧਾਰਣ ਦਵਾਈ ਨਾਲ ਠੀਕ ਹੋ ਜਾਂਦੇ ਹਨ ਅਤੇ ਇਸ ਸੰਬਧੀ ਜਿਲ੍ਹਾ ਪੱਧਰ ਤੇ ਰਿਵਿਓ ਕਰਨ ਲਈ ਇਕ ਕਮੇਟੀ ਦਾ ਵੀ ਗਠਨ ਕੀਤਾ ਗਿਆ ਹੈ। ਰੁਟੀਨ ਇਮੁਨਾਈਜੇਸ਼ਨ ਨਾਲ 12 ਕਿਸਮ ਦੀਆਂ ਮਾਰੂ ਬੀਮਾਰੀਆਂ ਤੋਂ ਅਸੀ ਆਪਣੇ ਬੱਚਿਆਂ ਨੂੰ ਸੁਰੱਖਿਅਤ ਰੱਖ ਸਕਦੇ ਹਾਂ। ਉਨਾਂ ਨੇ ਆਮ ਲੋਕਾ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆ ਨੂੰ ਇਹ ਟੀਕੇ ਜਰੂਰ ਲਗਵਾਉਣ। ਇਸ ਅਵਸਰ ਤੇ ਸਹਾਇਕ ਸਿਵਲ ਸਰਜਨ ਡਾ ਦੇਵੀਬਾਲਾ, ਜਿਲ੍ਹਾ ਸਿਹਤ ਅਫਸਰ ਡਾ ਸੁਖਬੀਰ ਕੌਰ, ਡਿਪਟੀ ਮੈਡੀਕਲ ਕਮਿਸ਼ਨਰ ਡਾ ਸੰਦੀਪ ਸਿੰਘ ਕਾਲੜਾ, ਸੀਨੀਅਰ ਮੈਡੀਕਲ ਅਫਸਰ ਡਾ ਰਮਨਦੀਪ ਸਿੰਘ ਪੱਡਾ, ਡੀ.ਡੀ.ਐਚ.ਓ. ਡਾ ਸੰਦੀਪ ਬੰਬਰਾ, ਜਿਲ੍ਹਾ ਐਪੀਡਿਮੋਲੋਜਿਸਟ ਡਾ ਸਿਮਰਨ ਕੌਰ, ਡਾ ਸੁਖਜਿੰਦਰ ਸਿੰਘ, ਡਾ ਅਮਨਦੀਪ ਸਿੰਘ, ਡਾ ਰਨਦੀਪ ਸਿੰਘ, ਜਿਲ੍ਹਾ ਮਾਸ ਮੀਡੀਆ ਅਫਸਰ ਅਮਰਦੀਪ ਸਿੰਘ ਅਤੇ ਸਮੂਹ ਸਟਾਫ ਹਾਜਰ ਸੀ।



ਨਹੀ ਮਨਜੂਰ ਹਲਕਾ ਪੂਰਬੀ ਦੇ ਕਾਂਗਰਸੀ ਵੋਟਰਾਂ ਨੂੰ

# ਹਲਕੇ ਤੋ ਬਾਹਰ ਦਾ ਇੰਨਚਾਰਜ ਐਮ.ਪੀ. ਜਸਬੀਰ ਸਿੰਘ ਡਿੰਪਾ



**ਤਰਨ-ਤਾਰਨ, 8 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵਿਧਾਨ ਸਭਾ ਹਲਕਾ ਅੰਮ੍ਰਿਤਸਰ ਪੂਰਬੀ ਦਾ ਜਸਬੀਰ ਸਿੰਘ ਡਿੰਪਾ ਐਮ.ਪੀ. ਨੂੰ ਇੰਨਚਾਰਜ ਲਗਾਏ ਦਾ ਫੈਸਲਾ ਫੌਰੀ ਤੌਰ ਤੇ ਵਾਪਸ ਲੈਣ ਨਹੀ ਤਾਂ ਸੜਕਾ ਤੇ ਨਿਕਲ ਕਰਾ ਗੇ ਵਿਰੋਧ ਹਲਕਾ ਪੂਰਬੀ ਦਾ ਪਹਿਲਾ ਹੀ ਹਲਕੇ ਤੋ ਬਾਹਰੀ ਉਮੀਦਵਾਰ ਹੋਣ ਕਾਰਨ ਇਹ ਹਲਕਾ ਲਾਵਾਰਸ ਰਹਿਆ ਹੇ ਪ੍ਰਧਾਨ ਰਾਜਾ ਵੜਿਗ ਜੀ ਐਮ. ਪੀ. ਡਿੰਪਾ ਜਿੱਲਾ ਤਰਨਤਾਰਨ ਸਾਹਿਬ ਦਾ ਨਿਵਾਸੀ ਹੈ ਡਿੰਪਾ ਨੂੰ ਤਰਨਤਾਰਨ ਸਾਹਿਬ ਵਿੱਚ ਕਿਸੇ ਵਿਧਾਨ ਸੱਭਾ ਹਲਕੇ ਦਾ ਇੰਨਚਾਰਜ ਬਣਾਇਆ ਜਾਏ ਨਾ ਕੀ ਪੂਰਬੀ ਦਾ ਬਣਾਇਆ ਜਾਏ ਪਟਿਆਲਾ ਜੋੜੀ ਨਵਜੋਤ ਸਿੰਘ .ਕੌਰ ਨੇ ਪਹਿਲਾ ਹੀ ਪੂਰਬੀ ਹਲਕਾ ਲਾਵਾਰਸ ਕਾਰਨ ਵਿੱਚ ਕੋਈ ਕਸਰ ਨਹੀ ਛੱਡੀ ਹੁੱਣ ਹਲਕਾ ਪੂਰਬੀ ਦੁਸਰੇ ਜਿਲ੍ਹੇ ਦੇ ਉਮੀਦਵਾਰ ਨੂੰ ਮੰਨਣਾ ਤਾ ਦੂਰ ਦੀ ਗੱਲ ਹੈ ਅਸੀ ਹੱਲਕਾ ਨਿਵਾਸੀ ਅੰਮ੍ਰਿਤਸਰ ਸਾਹਿਬ ਤੋ ਵੀ ਬਾਹਰੀ ਹਲਕੇ ਦਾ ਵੀ ਇੰਨਚਾਰਜ ਨਹੀ ਮਨਜੂਰ ਕਰਾਂਗੇ ਹਲਕੇ ਅੰਦਰ ਬਹੁਤ ਵਧੀਆ ਬਹੁਤ ਲਾਈਕ ਲੋਕ ਹਨ ਜੋ ਕਾਂਗਰਸ ਲਈ ਹਰ ਲੜਾਈ ਹਿੱਕ ਡਾਹ ਕੇ ਲੜਦੇ ਹਨ ਅਸੀ ਹਲਕਾ ਪੂਰਬੀ ਨਿਵਾਸੀਆ ਦਾ ਇਸ ਵਾਰ ਫੈਸਲਾ ਹੋਵੇਗਾ ਨਾ ਹੀ ਹਲਕੇ ਤੋ ਬਾਹਰੀ ਉਮੀਦਵਾਰ ਨਾ ਹੀ ਕੋਈ ਰਿਸ਼ਵਤਖੋਰੀ ਵਿੱਚ ਲਿਪਤ ਉਮੀਦਵਾਰ ਕੋਈ ਬਲੈਕ ਮੇਲਰ ਠੱਗ ਉਮੀਦਵਾਰ ਬਰਦਾਸ਼ਤ ਕੀਤਾ ਜਾਵੇ ਗਾ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਜਸਬੀਰ ਸਿੰਘ ਡਿੰਪ ਨੂੰ ਹਲਕਾ ਪੂਰਬੀ ਤੋ ਫੌਰੀ ਹਟਾਉਣ ਧੰਨਵਾਦੀ ਹੋਵਾ ਗੇ ਸਾਥੀਆ ਸਮੇਤ ਇਕਬਾਲ ਸਿੰਘ ਤੁੰਗ ਤਰਸੇਮ ਸਿੰਘ ਕੱਲਰ ਜੈਮਲ ਸਿੰਘ ਗਗਨਦੀਪ ਸਿੰਘ ਸ਼ਾਮ ਸਿੰਘ ਤੁੰਗ ਗੋਬਿੰਦ ਸਿੰਘ ਮਿੱਟੂ ਬੌਕਸਰ ਜਗਤਾਰ ਸਿੰਘ ਬੌਕਸਰ ਹਰਭਜਨ ਸਿੰਘ ਡਾਕਟਰ ਹਰਮਨਪ੍ਰੀਤ ਸਿੰਘ ਨੰਬਰਦਾਰ ਨਿਰਵੈਰ ਸਿੰਘ ਤਜਿੰਦਰ ਸਿੰਘ ਪ੍ਰਤਾਪ ਨਗਰ ਰਛਪਾਲ ਸਿੰਘ ਬਿੱਲਾ ਮਨਜੀਤ ਸਿੰਘ ਰਤਨ ਸਿੰਘ ਚੈਚਲ ਸਿੰਘ ਹਰਕੰਵਲਜੀਤ ਸਿੰਘ ਤੁੰਗ ਸਰਪੰਚ ਪਿਆਰਾ ਸਿੰਘ ਬਾਬਾ ਇਕਬਾਲ ਸਿੰਘ ਬਾਹਲਾ ਗੁਰਮੁੱਖ ਸਿੰਘ ਬਲਰਾਜ ਸਿੰਘ ਅਜੀਤ ਸਿੰਘ ਕੁਲਦੀਪ ਸਿੰਘ ਤੁੰਗ ਕਰਨਦੀਪ ਸਿੰਘ ਤੁੰਗ ਦੁਲਾ ਮਸੀਹ ਪੰਡਿਤ ਨੇਕਚੰਦ ਗੋਰਾ ਸਿੰਘ ਤੁੰਗ ਤੇ ਹੋਰ।

ਸ਼ਹੀਦਾ ਦੇ ਸਿਰਤਾਜ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ

# ਲੰਗਰ ਅਤੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ



**ਜੂਨ, 8 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼ਹੀਦਾ ਦੇ ਸਿਰਤਾਜ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਹਲਕਾ ਦੱਖਣੀ ਦੇ ਭਾਈ ਮੰਝ ਸਿੰਘ ਰੋਡ ਵਿਖੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਸਦਕਾ ਲੰਗਰ ਅਤੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਇਸ ਮੌਕੇ ਹਰਪ੍ਰੀਤ ਸਿੰਘ ਗੁਰਮੁੱਖ ਸਿੰਘ ਸੁਖਦੇਵ ਸਿੰਘ ਸੀਮਾ ਸਿੰਘ ਸੁਰਿੰਦਰਪਾਲ ਮਨਪ੍ਰੀਤ ਸਿੰਘ ਮੱਲ੍ਹੀ ਭੁਪਿੰਦਰ ਸਿੰਘ ਸੁਬੇਗ ਸਿੰਘ ਗੁਰਵਿੰਦਰ ਸਿੰਘ ਗੁਰਕੀਰਤ ਸਿੰਘ ਜਗਜੀਤ ਸਿੰਘ ਪਰਮਵੀਰ ਸਿੰਘ ਹਰਿੰਦਰ ਸਿੰਘ ਦਿੱਲ੍ਹੀ ਵਾਲੇ ਦਲਬੀਰ ਸਿੰਘ ਦੈਵਿਕ ਤ੍ਰਿਨਭ ਚਰਨਦੀਪ ਸਿੰਘ ਜੁਵਰਜ ਸਿੰਘ,ਇੰਦਰਜੀਤ ਸਿੰਘ ਆਦਿ ਨੇ ਸੇਵਾ ਨਿਭਾਈ।

# ਯੁਵਕ ਸੇਵਾਵਾਂ ਕਲੱਬ ਅਤੇ ਮਾਣ ਧੀਆਂ 'ਤੇ ਸੰਸਥਾਂ ਨੇ ਬੂਟੇ ਲਗਵਾਏ : ਪ੍ਰਧਾਨ ਮੱਟੂ



**ਚੌਂਕ ਮਹਿਤਾ, 6 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ ਅਤੇ ਖੇਡਾਂ ਨੂੰ ਪ੍ਰਮੋਟ ਕਰਨ ਵਿੱਚ ਯਤਨਸੀਲ ਅਤੇ ਇਨਸਾਨੀਅਤ ਦਾ ਦਰਦ ਸਮਝਣ ਵਾਲੇ ਚਿੰਤਕ ਪ੍ਰਸਿੱਧ ਸਮਾਜ ਸੇਵਕ ਅਤੇ ਖ਼ੇਡ ਪ੍ਰੋਮੋਟਰ ਯੁਵਕ ਸੇਵਾਵਾਂ ਕਲੱਬ ਕੋਟ ਖਾਲਸਾ ਅਤੇ ਜ਼ਿਲ੍ਹੇ ਦੀ ਨਾਮਵਰ ਸਮਾਜ ਸੇਵੀ ਸੰਸਥਾ ਮਾਣ ਧੀਆਂ 'ਤੇ ਸਮਾਜ ਭਲਾਈ ਸੋਸਾਇਟੀ (ਰਜਿ) ਅੰਮ੍ਰਿਤਸਰ ਦੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ (ਇੰਡੀਆ ਬੁੱਕ ਰਿਕਾਰਡ ਹੋਲਡਰ) ਦੀ ਮਿਹਨਤ ਦਾ ਫਲ ਮਿਲਦਾ ਪ੍ਰਤੀਤ ਹੋ ਰਿਹਾ ਹੈ ।ਅੱਜ ਪ੍ਰਧਾਨ ਮੱਟੂ ਨੇ ਵਾਤਾਵਰਨ ਦਿਵਸ ਦੇ ਇਤਿਹਾਸ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ "ਵਿਸਵ ਵਾਤਾਵਰਨ ਦਿਵਸ" ਵਾਤਾਵਰਨ ਦੀ ਸੁਰੱਖਿਆ ਲਈ ਪੂਰੀ ਦੁਨੀਆ 'ਚ ਮਨਾਇਆ ਜਾਂਦਾ ਹੈ । ਇਸ ਦਿਵਸ ਨੂੰ ਮਨਾਉਣ ਲਈ 1972 'ਚ ਸੰਯੁਕਤ ਰਾਸਟਰ ਵੱਲੋਂ ਮਹਾਸਭਾ ਦਾ ਆਯੋਜਨ ਕੀਤਾ ਗਿਆ ਸੀ । ਚਰਚਾ ਦੌਰਾਨ ਵਿਸਵ ਵਾਤਾਵਰਨ ਦਿਵਸ ਮਨਾਉਣ ਦਾ ਸੁਝਾਅ ਦਿੱਤਾ ਗਿਆ ਅਤੇ ਇਸ ਤੋਂ 2 ਸਾਲ ਬਾਅਦ 5 ਜੂਨ 1974 ਨੂੰ ਇਸ ਨੂੰ ਮਨਾਉਣਾ ਸੁਰੂ ਕਰ ਦਿੱਤਾ ਗਿਆ। ਇਸ ਦਿਵਸ ਨੂੰ ਮਨਾਉਣ ਲਈ ਹਰ ਸਾਲ 143 ਦੇਸ ਹਿੱਸਾ ਲੈਂਦੇ ਹਨ ਅਤੇ ਇਸ ਵਿਚ ਸਰਕਾਰੀ, ਸਮਾਜਿਕ ਤੇ ਵਪਾਰਕ ਲੋਕ ਵਾਤਾਵਰਨ ਦੀ ਸੁਰੱਖਿਆ, ਸਮੱਸਿਆ ਆਦਿ ਵਿਸੇ 'ਤੇ ਗੱਲ ਕਰਦੇ ਹਨ । ਭਾਰਤ 'ਚ ਵਾਤਾਵਰਨ ਸੁਰੱਖਿਆ ਐਕਟ 19 ਨਵੰਬਰ 1986 'ਚ ਲਾਗੂ ਕੀਤਾ ਗਿਆ । ਉਹਨਾਂ ਅੱਗੇ ਕਿਹਾ ਕਿ ਸਾਡੇ ਪੰਜਾਬ ਵਿੱਚ ਵੱਧ ਤੋਂ ਵੱਧ ਰੁੱਖ ਲਗਾਓਣ ਦੀ ਜਰੂਰਤ ਹੈ ਇਸੇ ਹੀ ਕਮੀ ਨੂੰ ਮਹਿਸੂਸ ਕਰਦੇ ਮਾਣ ਧੀਆਂ 'ਤੇ ਸਮਾਜ ਭਲਾਈ ਸੋਸਾਇਟੀ (ਰਜਿ) ਵੱਲੋਂ ਵੱਖ-ਵੱਖ ਸਕੂਲਾਂ ਦੇ ਮੁੱਖੀਆਂ ਦੇ ਸਹਿਯੋਗ ਨਾਲ ਇੱਕ ਲੱਖ ਬੂਟਾ ਲਗਾਉਣ ਦੀ ਮੁਹਿੰਮ ਚਲਾਈ ਗਈ ਜਿਸ ਦਾ ਸ਼ੁੱਭ ਆਰੰਭ ਪ੍ਰਭਾਕਰ ਸੀਨੀਅਰ ਸੈਕੰਡਰੀ ਸਕੂਲ ਛੇਹਰਟਾ ਤੋਂ ਪ੍ਰਿੰਸੀਪਲ ਰਾਜੇਸ਼ ਪ੍ਰਭਾਕਰ ਅਤੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਵੱਲੋਂ ਸਾਂਝੇ ਤੌਰ ਤੇ ਕੀਤਾ ਗਿਆ। ਇਸ ਮੁਹਿੰਮ ਵਿੱਚ ਪ੍ਰਭਾਕਰ ਸ.ਸ.ਸਕੂਲ ਛੇਹਰਟਾ,ਸੈਂਟ ਪੀਟਰ ਕੌਨਵੈਂਟ ਸਕੂਲ ਨਰੈਣਗੜ, ਸੈਂਟ ਜੋਸੇਫ਼ ਸੀਨੀਅਰ ਸੈਕੰਡਰੀ ਕਾਨਵੇਂਟ ਸਕੂਲ ਖਾਸਾ, ਸਟਾਲਾਵਰਟ ਸਕੂਲ ਬਟਾਲਾ,ਗੁਰੂ ਹਰਿਕ੍ਰਿਸ਼ਨ ਸ. ਸ. ਸਕੂਲ ਜੀ ਟੀ ਰੋਡ ਨੇ ਹਿੱਸਾ ਲਿਆ।

# ਰਾਜਪਾਲ ਇੰਟਰਨੈਸ਼ਨਲ ਗੈਲਰੀ ਵੱਲੋਂ ਸ਼ੈਸ਼ਨ ਜੱਜ ਮਨਜਿੰਦਰ ਸਿੰਘ ਦਾ ਸਨਮਾਨ



**ਚੌਂਕ ਮਹਿਤਾ, 8 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਰਾਜਪਾਲ ਸੁਲਤਾਨ ਇੰਟਰਨੈਸ਼ਨਲ ਗੈਲਰੀ ਆਫ ਫਾਇਨ ਆਰਟ ਵੱਲੋਂ ਪ੍ਰਸਿੱਧ ਚਿੱਤਰਕਾਰ ਰਾਜਪਾਲ ਸੁਲਤਾਨ ਅਤੇ ਫਿਲਮੀ ਅਦਾਕਾਰ ਅਰਵਿੰਦਰ ਭੱਟੀ ਐਡਵੋਕੇਟ ਦੀ ਅਗਵਾਈ ਵਿੱਚ ਮਾਨਯੋਗ ਮਨਜਿੰਦਰ ਸਿੰਘ ਜ਼ਿਲ੍ਹਾਂ ਅਤੇ ਸ਼ੈਸ਼ਨ ਜੱਜ, ਮੈਂਬਰ ਸੈਕਟਰੀ ਪੰਜਾਬ ਸਟੇਟ ਲੀਗਲ ਸਰਵਿਸਸ ਅਥਾਰਟੀ ਨੂੰ ਹੱਥ ਨਾਲ ਬਣੀ ਪੇਂਟਿੰਗ ਭੇਂਟ ਕਰਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਮਾਨਯੋਗ ਜੱਜ ਰਛਪਾਲ ਸਿੰਘ ਸਿਵਲ ਜੱਜ, ਸੀਨੀਅਰ ਡਿਵੀਜ਼ਨ ਸੀ.ਜੇ.ਐਮ ਅਤੇ ਸੈਕਟਰੀ ਜ਼ਿਲ੍ਹਾਂ ਲੀਗਲ ਸਰਵਿਸਸ ਅਥਾਰਟੀ ਅੰਮ੍ਰਿਤਸਰ ਵੀ ਹਾਜ਼ਰ ਸਨ ।ਇਸ ਮੌਕੇ ਸ਼ੈਸ਼ਨ ਜੱਜ ਮਨਜਿੰਦਰ ਸਿੰਘ ਨੇ ਰਾਜਪਾਲ ਸੁਲਤਾਨ ਵੱਲੋਂ ਬਣਾਈਆਂ ਜਾਂਦੀਆਂ ਪੇਂਟਿੰਗਾਂ ਦੀ ਸ਼ਲਾਘਾ ਕੀਤੀ ।ਇਸ ਮੌਕੇ ਹਿਊਮਨ ਰਾਈਟਸ ਵੈਲਫੇਅਰ ਐਸੋਸੀਏਸ਼ਨ ਦੇ ਪੰਜਾਬ ਪ੍ਰਧਾਨ ਦੀਪਕ ਮਿੰਟੂ,ਭੱਟੀ ਅਤੇ ਰਾਜਪਾਲ ਸੁਲਤਾਨ ਨੇ ਮਾਨਯੋਗ ਜੱਜ ਮਨਜਿੰਦਰ ਸਿੰਘ ਵੱਲੋਂ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਜੀ ਆਇਆ ਆਖਿਆ ।ਇਸ ਮੌਕੇ ਸਹਿਜਦੀਪ ਸਿੰਘ ਆਹਲੂਵਾਲੀਆ,ਕੰਵਲਜੀਤ ਸਿੰਘ ਵਾਲੀਆ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਯੂਕੇ ਦੇ ਸਿੱਖ ਲੇਬਰ ਸਰਕਾਰ ਵਲੋਂ ਸਿੱਖਾਂ ਪ੍ਰਤੀ ਅਪਨਾਏ ਰਵੱਈਏ ਸੰਬੰਧੀ ਸੰਪੂਰਨ ਤਬਦੀਲੀ ਦੀ ਕਰਦੇ ਹਨ ਉਮੀਦ

# ਸਿੱਖ ਨੈੱਟਵਰਕ ਵੱਲੋਂ ਤਿਆਰ ਕੀਤਾ ਗਿਆ 10-ਪੁਆਇੰਟ ਸਿੱਖ ਮੈਨੀਫੈਸਟੋ ਕੀਤਾ ਗਿਆ ਜਾਰੀ






THE SIKH MANIFESTO 2024 – 2029
THE THIRD EDITION

CONTENTS

Executive Summary

Introduction

Section 1: More effective representation of Sikh issues in Parliament

Section 2: Systematic collection and use of data on Sikhs by public bodies

Section 3: Promoting a better understanding of the Sikh identity and Sikh way of life

Section 4: Hate crimes targeting Sikhs and Sikh religious institutions

Section 5: Improved education about Sikhi, Sikh history and safeguarding Sikh historical artefacts in the UK

Section 6: Freedom of religion, the global rise of Hindu extremism and transnational repression by the Indian government

Section 7: Release of Jagtar Singh Johal and permanent and unconditional release of other Sikh political prisoners from Indian jails

Section 8: Independent public inquiry into the actions of the UK Government and its motivations for anti-Sikh measures in the 1980s in the UK pre and post the 1984 Sikh Genocide

Section 9: International recognition of the 1984 Sikh Genocide and UN-led inquiry

Section 10: Application of self-determination to the Sikhs

Why the 1 million Sikh vote matters

How to use the Sikh Manifesto

Produced by The Sikh Network I © 2019

www.thesikhnetwork.com I info@thesikhnetwork.com thesikhnetwork @thesikhnet

ਨਵੀਂ ਦਿੱਲੀ, 8 ਜੂਨ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਮੈਨੀਫੈਸਟੋ ਦਾ ਤੀਸਰਾ ਐਡੀਸ਼ਨ ਅੱਜ ਅਧਿਕਾਰਤ ਤੌਰ 'ਤੇ ਜਾਰੀ ਕੀਤਾ ਜਾ ਰਿਹਾ ਹੈ। ਪਿਛਲੇ ਇੱਕ ਦਹਾਕੇ ਤੋਂ ਸਿੱਖ ਨੈੱਟਵਰਕ ਆਮ ਚੋਣਾਂ ਤੋਂ ਪਹਿਲਾਂ ਸਿੱਖ ਮੈਨੀਫੈਸਟੋ ਤਿਆਰ ਕਰ ਰਿਹਾ ਹੈ। ਬ੍ਰਿਟਿਸ਼ ਸਿੱਖਾਂ ਚਿੰਤਾਜਨਕ ਮੁੱਦਿਆਂ ਬਾਰੇ 32 ਪੰਨਿਆਂ ਦਾ ਇਹ ਦਸਤਾਵੇਜ਼ ਸਾਰੇ ਸਿਆਸਤਦਾਨਾਂ ਅਤੇ ਸਿਆਸੀ ਪਾਰਟੀਆਂ ਲਈ ਇੱਕ ਅਨਮੋਲ ਸੰਖੇਪ ਦਸਤਾਵੇਜ਼ ਹੈ। 10 ਧਾਰਾਵਾਂ ਵਾਲਾ ਸਿੱਖ ਮੈਨੀਫੈਸਟੋ ਸਿਆਸਤਦਾਨਾਂ ਅਤੇ ਅਗਲੀ ਯੂਕੇ ਸਰਕਾਰ ਦੇ ਮਨਾਂ ਨੂੰ ਮੁੱਖ ਤੌਰ ਤੇ ਉਨ੍ਹਾਂ ਤਰਜੀਹਾਂ ਨੂੰ ਨਿਰਧਾਰਤ ਕਰਦਾ ਹੈ ਜਿਨ੍ਹਾਂ ਤੇ ਸਿੱਖ ਭਾਈਚਾਰਾ ਪਹਿਲਾ ਕਦਮੀ ਨਾਲ ਕਾਰਵਾਈ ਚਾਹੁੰਦਾ ਹੈ। ਸਿੱਖ ਮੈਨੀਫੈਸਟੋ ਬਰਤਾਨਵੀ ਸਿੱਖਾਂ ਦੇ ਬਦਲਦੇ ਰਵੱਈਏ ਨੂੰ ਦਰਸਾਉਂਦਾ ਹੈ। ਸਿੱਖ ਬਰਤਾਨੀਆ ਦੇ ਸਿਆਸਤਦਾਨਾਂ ਤੋਂ ਰੋਲ ਮਾਡਲ ਵਰਗੀਆਂ ਸਿਫਤਾਂ ਸੁਣ ਸੁਣ ਕੇ ਥੱਕ ਗਏ ਹਨ।

ਸਿੱਖ ਬ੍ਰਿਟਿਸ਼ ਨਾਗਰਿਕ ਹੋਣ ਦੇ ਨਾਤੇ ਮੰਗ ਕਰ ਰਹੇ ਹਨ ਕਿ ਯੂਕੇ ਸਰਕਾਰ ਘੱਟ ਗਿਣਤੀ ਅਤੇ ਰੋਲ ਮਾਡਲ ਭਾਈਚਾਰੇ ਵਜੋਂ ਉਨ੍ਹਾਂ ਦੀਆਂ ਜ਼ਰੂਰਤਾਂ ਨੂੰ ਸੱਜੇ ਪੱਖੀ ਭਾਰਤ ਸਰਕਾਰ ਨਾਲ ਸਬੰਧਾਂ ਅਤੇ ਵਪਾਰਕ ਸਮਝੌਤੇ ਤੋਂ ਪਹਿਲਾਂ ਰੱਖੇ। ਸਿੱਖ ਮੈਨੀਫੈਸਟੋ ਵਿੱਚ ਕਈ ਦਿਲਚਸਪ ਖੁਲਾਸੇ ਹਨ। ਜਿਸ ਵਿੱਚ ਹੇਠ ਲਿਖੇ ਮੁੱਦੇ ਸ਼ਾਮਲ ਹਨ

ਇੱਕ ਵੱਡੀ ਉਮੀਦ ਹੈ ਕਿ 4 ਜੁਲਾਈ ਨੂੰ ਚੁਣੀ ਗਈ ਲੇਬਰ ਸਰਕਾਰ ਸਿੱਖ ਮੈਨੀਫੈਸਟੋ ਵਿੱਚ ਕਈ ਮੁੱਖ ਮੁੱਦਿਆਂ ਨੂੰ ਪੇਸ਼ ਕਰੇਗੀ। ਆਉਣ ਵਾਲੀ ਲੇਬਰ ਸਰਕਾਰ ਵਿੱਚ ਸਿੱਖ ਸੰਸਦ ਮੈਂਬਰਾਂ ਦੀ ਗਿਣਤੀ 2 ਤੋਂ 14 ਤੱਕ ਹੋ ਸਕਦੀ ਹੈ ਅਤੇ ਇਸ ਵਿੱਚ ਦਸਤਾਰ ਧਾਰੀ ਸਿੱਖ ਸਾਂਸਦ ਵੀ ਗਿਣਤੀ ਵਿੱਚ ਜਿਆਦਾ ਹੋ ਸੱਕਦੇ ਹਨ।

ਸਿੱਖਾਂ ਦੀਆਂ ਨਵੀਆਂ ਮੰਗਾਂ ਬ੍ਰਿਟੇਨ ਵਿੱਚ ਸਿੱਖ ਕਾਰਕੁਨਾਂ ਨੂੰ ਨਿਸ਼ਾਨਾ ਬਣਾ ਰਹੀ ਭਾਰਤ ਸਰਕਾਰ ਦੁਆਰਾ ਅੰਤਰ-ਰਾਸ਼ਟਰੀ ਦਮਨ ਅਤੇ ਰਾਜਨੀਤਿਕ ਦਖਲਅੰਦਾਜ਼ੀ ਦਾ ਸਾਹਮਣਾ ਕਰਨਾ ਅਤੇ ਹਿੰਦੂ ਕੱਟੜਵਾਦ (ਹਿੰਦੂਤਵ) ਦੇ ਵਿਸ਼ਵਵਿਆਪੀ ਖਤਰੇ ਨੂੰ ਤੁਰੰਤ ਹੱਲ ਕਰਨਾ ਸ਼ਾਮਲ ਹੈ।

ਸਿੱਖ ਮੈਨੀਫੈਸਟੋ ਦਰਸਾਉਂਦਾ ਹੈ ਕਿ ਸਿੱਖ ਵੋਟ ਲਗਭਗ 10 ਲੱਖ ਹੈ ਅਤੇ ਅਧਿਕਾਰਤ ਅੰਕੜਿਆਂ ਦੁਆਰਾ ਸੁਝਾਏ ਗਏ ਨਾਲੋਂ ਬਹੁਤ ਜ਼ਿਆਦਾ ਹੈ ਕਿਉਂ ਕਿ ਸਰਕਾਰੀ ਅੰਕੜੇ ਗਲਤ ਅਤੇ ਪੁਰਾਣੇ ਹਨ।

ਰਾਜਨੀਤਿਕ ਪਾਰਟੀਆਂ ਵੋਟਰਾਂ ਦੀ ਗਿਣਤੀ ਨੂੰ ਲੈ ਕੇ ਚਿੰਤਤ ਹਨ ਕਿਉਂਕਿ ਲੀਡਰਸ਼ਿਪ ਦੀ ਗੁਣਵੱਤਾ ਅਤੇ ਬ੍ਰਿਟਿਸ਼ ਰਾਜਨੀਤੀ ਦੀ ਸਥਿਤੀ ਬਾਰੇ ਵੋਟਰਾਂ ਵਿੱਚ ਵੱਡੇ ਭਰਮ ਭੁਲੇਖੇ ਅਤੇ ਉਦਾਸੀਨਤਾ ਹੈ।

ਸਿੱਖ ਮੈਨੀਫੈਸਟੋ ਸਪੱਸ਼ਟ ਕਰਦਾ ਹੈ ਕਿ ਸਿੱਖ ਵੋਟਰਾਂ ਦੀ ਗਿਣਤੀ ਸਾਰੇ ਭਾਈਚਾਰਿਆਂ ਵਿੱਚੋਂ ਸਭ ਤੋਂ ਵੱਧ ਹੋਣ ਦੀ ਉਮੀਦ ਕੀਤੀ ਜਾਂਦੀ ਹੈ ਕਿਉਂਕਿ ਦਸਤਾਵੇਜ਼ ਆਪਣੇ ਆਪ ਵਿੱਚ ਸਿਆਸੀ ਰੁਝੇਵਿਆਂ ਅਤੇ ਚੋਣ ਪ੍ਰਕਿਰਿਆ ਵਿੱਚ ਭਾਗੀਦਾਰੀ ਨੂੰ ਪ੍ਰੇਰਿਤ ਕਰਦਾ ਹੈ।

ਲੇਬਰ ਇਜ਼ਰਾਈਲ-ਗਾਜ਼ਾ ਮੁੱਦੇ ਨੂੰ ਨਜਿੱਠਣ ਲਈ ਵਿਰੋਧ ਕਰ ਰਹੇ ਰਵਾਇਤੀ ਵੋਟਰਾਂ ਨੂੰ ਗੁਆਉਣ ਬਾਰੇ ਚਿੰਤਤ ਹੈ, ਜਿਸ ਕਾਰਨ ਸਿੱਖ ਮੈਨੀਫੈਸਟੋ ਵਿੱਚ ਸੂਚੀਬੱਧ 80 ਤੋਂ ਵੱਧ ਹਲਕਿਆਂ ਵਿੱਚ ਸਿੱਖ ਵੋਟ ਸੁਰੱਖਿਅਤ ਕਰਨ ਦੀ ਜ਼ਰੂਰਤ ਬਣ ਗਈ ਹੈ।

ਸਿੱਖ ਮੈਨੀਫੈਸਟੋ ਕੰਜ਼ਰਵੇਟਿਵ ਸਰਕਾਰ ਦੇ ਰਵੱਈਏ ਅਤੇ ਕਾਰਵਾਈਆਂ ਦੀ ਨਿੰਦਾ ਕਰਦਾ ਹੈ ਜਿਸ ਨੇ ਹਾਲ ਹੀ ਦੇ ਸਾਲਾਂ ਵਿੱਚ ਸਿੱਖ ਭਾਈਚਾਰੇ ਨੂੰ ਭੈ ਭੀਤ ਅਤੇ ਨਿਰਾਸ਼ ਕੀਤਾ ਹੈ ਕਿਉਂਕਿ ਬ੍ਰਿਟਿਸ਼ ਸਿੱਖਾਂ ਲਈ ਸਿੱਧੇ ਚਿੰਤਾ ਵਾਲੇ ਕਈ ਮੁੱਦਿਆਂ ਤੇ ਕੋਈ ਕਾਰਵਾਈ ਨਹੀਂ ਕੀਤੀ ਗਈ।

ਸਿੱਖ ਫੈਡਰੇਸ਼ਨ (ਯੂ.ਕੇ.) ਨੇ ਕੱਲ੍ਹ (ਆਮ ਚੋਣਾਂ ਵਾਲੇ ਦਿਨ ਤੋਂ ਚਾਰ ਹਫ਼ਤੇ ਪਹਿਲਾਂ) ਸਿੱਖ ਮੈਨੀਫੈਸਟੋ ਦੀ ਇੱਕ ਕਾਪੀ ਅਗਾਊਂ ਸਿਆਸੀ ਪਾਰਟੀਆਂ ਦੇ ਆਗੂਆਂ ਨੂੰ ਆਪਣੇ ਉਮੀਦਵਾਰਾਂ ਨਾਲ ਸਾਂਝੀ ਕਰਨ ਲਈ ਭੇਜੀ ਸੀ ਅਤੇ ਅਗਲੇ ਦੋ ਹਫ਼ਤਿਆਂ ਵਿੱਚ ਲਿਖਤੀ ਜਵਾਬ ਦੇਣ ਦੀ ਬੇਨਤੀ ਕੀਤੀ ਸੀ।

ਸਿੱਖ ਫੈਡਰੇਸ਼ਨ (ਯੂ.ਕੇ.) ਦੇ ਪ੍ਰਧਾਨ ਭਾਈ ਅਮਰੀਕ ਸਿੰਘ ਨੇ ਕਿਹਾ:

"ਸਿੱਖ ਇੱਕ ਸਿਆਸੀ ਚੌਰਾਹੇ 'ਤੇ ਹਨ ਅਤੇ ਬਹੁਤ ਸਾਰੇ ਅਜਿਹੇ ਸਿਆਸਤਦਾਨਾਂ ਤੋਂ ਭਰੋਸਾ ਗੁਆ ਚੁੱਕੇ ਹਨ ਜੋ ਅਕਸਰ ਵਾਅਦੇ ਕਰਦੇ ਅਤੇ ਤੋੜਦੇ ਹਨ।"

"ਅਸੀਂ ਸਿਆਸਤਦਾਨਾਂ ਤੋਂ ਥੱਕ ਗਏ ਹਾਂ ਜੋ ਸਾਨੂੰ ਇੱਕ ਰੋਲ ਮਾਡਲ ਕਮਿਊਨਿਟੀ ਵਜੋਂ ਬਿਆਨ ਕਰਦੇ ਅਤੇ ਸਾਡੇ ਗੁਣ ਗਾਉਂਦੇ ਹਨ। ਪਰ ਅਸੀਂ ਸਿੱਖ ਮੈਨੀਫੈਸਟੋ ਵਿਚ ਮੁੱਦਿਆਂ 'ਤੇ ਕਾਰਵਾਈਆਂ ਅਤੇ ਪ੍ਰਗਤੀ ਦੇਖਣਾ ਚਾਹੁੰਦੇ ਹਾਂ।

"ਅਸੀਂ ਪਿਛਲੇ 12-18 ਮਹੀਨਿਆਂ ਤੋਂ ਇਸ ਧਾਰਨਾ 'ਤੇ ਕੰਮ ਕਰ ਰਹੇ ਹਾਂ ਕਿ 14 ਸਾਲਾਂ ਬਾਅਦ ਲੇਬਰ ਦੀ ਸਰਕਾਰ ਹੋਵੇਗੀ।"

"ਕੀਰਸਟਾਰਮਰ ਦੇ ਭਰੋਸੇ ਅਤੇ ਸ਼ੈਡੋ ਕੈਬਨਿਟ ਦੇ ਕਈ ਸੀਨੀਅਰ ਮੈਂਬਰਾਂ ਨਾਲ ਮੀਟਿੰਗਾਂ ਤੋਂ ਬਾਅਦ ਅਸੀਂ ਆਸ਼ਾਵਾਦੀ ਹਾਂ ਕਿ ਘੱਟੋ-ਘੱਟ 14 ਸਿੱਖ ਸੰਸਦ ਮੈਂਬਰਾਂ ਵਾਲੀ ਲੇਬਰ ਸਰਕਾਰ ਮੁੱਖ ਮੁੱਦਿਆਂ ਨੂੰ ਹੱਲ ਕਰੇਗੀ।"

"ਇਨ੍ਹਾਂ ਵਿੱਚ 1984 ਸਿੱਖ ਨਸਲਕੁਸ਼ੀ ਦੇ ਸਬੰਧ ਵਿੱਚ ਯੂਕੇ ਸਰਕਾਰ ਦੀਆਂ ਕਾਰਵਾਈਆਂ ਦੀ ਇੱਕ ਸੁਤੰਤਰ ਜੱਜ ਦੀ ਅਗਵਾਈ ਵਾਲੀ ਜਨਤਕ ਜਾਂਚ, ਬ੍ਰਿਟਿਸ਼ ਨਾਗਰਿਕ ਜਗਤਾਰ ਸਿੰਘ ਜੌਹਲ ਦੀ ਤੁਰੰਤ ਰਿਹਾਈ, ਸਿੱਖ ਵਿਰੋਧੀ ਨਫ਼ਰਤ ਨੂੰ ਯਹੂਦੀ ਵਿਰੋਧੀ ਅਤੇ ਇਸਲਾਮੋਫੋਬੀਆ ਦੇ ਬਰਾਬਰ ਸੰਬੋਧਿਤ ਕਰਨਾ ਸ਼ਾਮਲ ਹੈ। ਸਿੱਖਾਂ ਨਾਲ ਉਨ੍ਹਾਂ ਦੀ ਪ੍ਰਤੱਖ ਪਛਾਣ ਕਾਰਨ ਵਿਤਕਰੇ ਨੂੰ ਰੋਕਣ ਲਈ ਕਾਰਵਾਈਆਂ ਆਦਿਕ ਸ਼ਾਮਲ ਹਨ।

ੴ ਸਤਿਗੁਰ ਪ੍ਰਸਾਦਿ॥

# ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ

ਹੈਡ ਕੁਆਟਰ :

ਦਮਦਮੀ ਟਕਸਾਲ, ਜੱਥਾ ਭਿੰਡਰਾਂ (ਮਹਿਤਾ), ਸ੍ਰੀ ਅੰਮ੍ਰਿਤਸਰ।

## ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ 'ਭਿੰਡਰਾਂਵਾਲੇ'

ਮੁਖੀ ਦਮਦਮੀ ਟਕਸਾਲ, ਜੱਥਾ ਭਿੰਡਰਾਂ (ਮਹਿਤਾ) ਸੰਪਰਕ : 99158-00904

## ਸੱਦਾ ਪੱਤਰ

## 40ਵਾਂ ਸਲਾਨਾ ਸ਼ਹੀਦੀ ਜੋੜ ਮੇਲਾ

**21-22-23 ਜੂਨ 2024 ਦਿਨ ਸ਼ੁਕਰ-ਸ਼ਨੀ-ਐਤਵਾਰ ਨੂੰ**

**ਗੁਰਦੁਆਰਾ ਗੁਰੂ ਨਾਨਕ ਸਿੱਖ ਅਕੈਡਮੀ ਵਿਖੇ**

ਸਪਰਿੰਗਫੀਲਡ ਰੋਡ, Hayes, UB4 OLT (UK) ਵਿਖੇ **ਮਨਾਇਆ ਜਾਵੇਗਾ।**

ਪਰਮ ਸਤਿਕਾਰਯੋਗ........ਯੂ ਕੇ ਦੀ ਸਮੂਹ ਸਾਧਸੰਗਤ........ ਜੀਓ!

ਆਪ ਜੀ ਨੂੰ ਸਨਿਮਰ ਬੇਨਤੀ ਕੀਤੀ ਜਾਂਦੀ ਹੈ ਕਿ ਦਮਦਮੀ ਟਕਸਾਲ ਦੇ 14ਵੇਂ ਮੁਖੀ, ਵੀਹਵੀਂ ਸਦੀ ਦੇ ਮਹਾਨ ਜਰਨੈਲ, ਪੰਥ ਰਤਨ, ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ 'ਭਿੰਡਰਾਂਵਾਲਿਆਂ ਅਤੇ ਉਹਨਾਂ ਨਾਲ ਸ਼ਹੀਦ ਹੋਏ ਸਮੂਹ ਸ਼ਹੀਦਾਂ ਦੀ ਯਾਦ ਵਿੱਚ 40 ਵਾਂ ਸ਼ਹੀਦੀ ਸਮਾਗਮ ਗੁਰਦੁਆਰਾ ਗੁਰੂ ਨਾਨਕ ਸਿੱਖ ਅਕੈਡਮੀ ਸਪਰਿੰਗਫੀਲਡ (ਯੂ.ਕੇ.) ਵਿਖੇ ਮਨਾਇਆ ਜਾ ਰਿਹਾ ਹੈ।

**ਸੋ ਆਪ ਜੀ ਨੇ 21-22-23 ਜੂਨ 2024 ਦੇ ਸਮਾਗਮਾਂ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।**

ਆਵਾਜ਼ਿ ਕੌਮ AWAZE QAUM International Newspaper & WEB TV

**ਦਾਸ ਆਪ ਜੀ ਦਾ ਅਤੀ ਧੰਨਵਾਦੀ ਹੋਵੇਗਾ।**

ਗੁਰੂ ਪੰਥ ਦਾ ਦਾਸ

ਹਰਨਾਮ ਸਿੰਘ ਖਾਲਸਾ

ਮੁਖੀ ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ, ਪ੍ਰਧਾਨ ਸੰਤ ਸਮਾਜ

ਅੰਮ੍ਰਿਤ ਕੰਪਿਊਟਰਜ਼, ਜਲੰਧਰ। 9872239775

ਭਾਈ ਅੰਮ੍ਰਿਤਪਾਲ ਸਿੰਘ ਦੀ ਵੱਡੀ ਜਿੱਤ ਤੋਂ ਬਾਅਦ

# ਬਾਕੀ ਪਾਰਟੀਆਂ ਬੌਖਲਾਹਟ 'ਚ : ਰੰਧਾਵਾ ਮਹਿਤਾ





**ਚੌਕ ਮਹਿਤਾ, 08 ਜੂਨ (ਪਾਲ)**- ਹਲਕਾ ਖਡੂਰ ਸਾਹਿਬ ਤੋਂ ਆਜ਼ਾਦ ਉਮੀਦਵਾਰ ਭਾਈ ਅੰਮ੍ਰਿਤਪਾਲ ਸਿੰਘ ਵੱਲੋਂ ਲੋਕ ਸਭਾ ਚੋਣਾਂ ਦੌਰਾਨ ਇਤਿਹਾਸਕ ਜਿੱਤ ਦਰਜ ਕਰਨ ਤੋਂ ਬਾਅਦ ਅੱਜ ਇੱਥੇ ਪਿੰਡ ਮਹਿਤਾ ਵਿਖੇ ਵੱਡੀ ਗਿਣਤੀ 'ਚ ਇਕੱਤਰ ਹੋਏ ਸਮਰਥਕਾਂ ਨੇ ਲੱਡੂ ਵੰਡ ਕੇ ਖੁਸ਼ੀ ਜ਼ਾਹਿਰ ਕੀਤੀ ।ਇਕੱਠ ਦੀ ਅਗਵਾਈ ਕਰਦੇ ਹੋਏ ਕੁਲਵੰਤ ਸਿੰਘ ਰੰਧਾਵਾ ਰਿਟਾ. ਡੀ.ਐੱਸ.ਪੀ. ਨੇ ਕਿਹਾ ਕਿ ਇਸ ਇਤਿਹਾਸਕ ਜਿੱਤ ਤੋਂ ਬਾਕੀ ਪਾਰਟੀਆਂ ਬੌਖਲਾਹਟ 'ਚ ਹਨ। ਹਲਕੇ ਦੇ ਵੋਟਰਾਂ ਨੇ ਸੱਤਾਧਾਰੀ ਜਾਂ ਹੋਰ ਰਿਵਾਇਤੀ ਪਾਰਟੀਆਂ ਨੂੰ ਪਛਾੜ ਕੇ ਭਾਈ ਅੰਮ੍ਰਿਤਪਾਲ ਸਿੰਘ ਦੇ ਹੱਕ 'ਚ ਵੱਡਾ ਫਤਵਾ ਦਿੱਤਾ ਹੈ ਤੇ ਉਨ੍ਹਾਂ ਸਰਕਾਰਾਂ ਨੂੰ ਮੂੰਹ ਤੋੜ ਜਵਾਬ ਦਿੱਤਾ ਹੈ, ਜੋ ਪੰਜਾਬ ਦੇ ਨੌਜਵਾਨਾਂ ਨਾਲ ਧੱਕੇਸ਼ਾਹੀ ਕਰਦੇ ਹੋਏ ਨਜ਼ਾਇਜ਼ ਤੌਰ 'ਤੇ ਉਨ੍ਹਾਂ ਨੂੰ ਜੇਲ੍ਹਾਂ 'ਚ ਬੰਦ ਕਰ ਰਹੀ ਹੈ ।ਡੀ.ਐੱਸ.ਪੀ. ਰੰਧਾਵਾ ਨੇ ਇਸ ਮੌਕੇ 'ਆਪ' ਸਰਕਾਰ ਨੂੰ ਵੀ ਕਰੜੇ ਹੱਥੀਂ ਲੈਂਦਿਆ ਕਿਹਾ ਕਿ ਕੁਲ 13 ਚੋਂ ਸਿਰਫ 3 ਸੀਟਾਂ ਮਿਲਣ ਦਾ ਕਾਰਨ ਸਰਕਾਰ ਦਾ ਨਸ਼ਿਆਂ ਤੇ ਭ੍ਰਿਸ਼ਟਾਚਾਰ ਨੂੰ ਠੱਲ੍ਹ ਪਾਉਣ 'ਚ ਪੂਰੀ ਤਰ੍ਹਾਂ ਫੇਲ ਰਹਿਣਾ ਹੈ ਤੇ ਲੋਕਾਂ ਦਾ ਵਿਸ਼ਵਾਸ਼ ਇਸ ਸਰਕਾਰ ਤੋਂ ਉੱਠ ਚੁੱਕਾ ਹੈ ।ਉਨ੍ਹਾਂ ਕਿਹਾ ਸੱਤਾ 'ਚ ਆਉਣ ਤੋਂ ਪਹਿਲਾਂ ਪਾਰਟੀ ਨੇ ਪੰਜਾਬ ਦੇ ਲੋਕਾਂ ਨਾਲ ਵੱਡੇ ਵਾਅਦੇ ਕੀਤੇ ਸਨ ਕਿ ਸੂਬੇ ਅੰਦਰ ਨਸ਼ਿਆਂ ਤੇ ਭ੍ਰਿਸ਼ਟਾਚਾਰ ਨੂੰ ਖਤਮ ਕੀਤਾ ਜਾਵੇਗਾ ਪਰ ਹਾਲਾਤ ਇਹ ਹਨ ਕਿ ਨਸ਼ੇ ਵੀ ਪਹਿਲਾਂ ਨਾਲੋਂ ਵੱਧ ਚੁੱਕੇ ਹਨ ਤੇ ਭ੍ਰਿਸ਼ਟਾਚਾਰ 'ਤੇ ਕੋਈ ਲਾਗਾਮ ਨਹੀਂ ਹੈ ।ਉਨ੍ਹਾਂ ਕਿਹਾ ਕਿ ਸਰਕਾਰ ਆਮ ਲੋਕਾਂ ਨਾਲ ਕੀਤੇ ਆਪਣੇ ਦੋ ਵੱਡੇ ਵਾਅਦਿਆਂ ਨੂੰ ਪੂਰਾ ਕਰਨ 'ਚ ਪੂਰੀ ਤਰ੍ਹਾਂ ਨਾਲ ਅਸਫਲ ਰਹੀ ਹੈ।

ਇਸ ਮੌਕੇ ਡਾ.ਪਰਮਜੀਤ ਸਿੰਘ ਸੰਧੂ, ਇਕਬਾਲ ਸਿੰਘ ਸ਼ਾਹ ਤੇ ਗੁਲਜ਼ਾਰ ਸਿੰਘ ਮਹਿਤਾ( ਤਿੰਨੋ ਸਾਬਕਾ ਸਰਪੰਚ), ਮਨਜੀਤ ਸਿੰਘ ਮੰਨਾ ਤੇ ਪ੍ਰਿਤਪਾਲ ਸਿੰਘ (ਦੋਨੋਂ ਬਲਾਕ ਸੰਮਤੀ ਮੈਂਬਰ),ਬਾਬਾ ਜਗਦੀਸ਼ ਸਿੰਘ ਦੀਸ਼ਾ, ਬਲਦੇਵ ਸਿੰਘ ਪ੍ਰਧਾਨ, ਬਲਦੇਵ ਸਿੰਘ ਪੱਪੀ,ਜਗਮੇਲ ਸਿੰਘ ਪੱਪੂ,ਸੁਖਵਿੰਦਰ ਸਿੰਘ,ਗੁਰਜੰਟ ਸਿੰਘ,ਸੁੱਚਾ ਸਿੰਘ,ਸੁੱਖਾ ਰੇਤਾ ਵਾਲਾ,ਸੂਬੇਦਾਰ ਸਤਨਾਮ ਸਿੰਘ,ਰਾਜੂ ਮਹਿਤਾ, ਅਮਨਜੀਤ ਸਿੰਘ,ਦਲਜੀਤ ਸਿੰਘ,ਸੁਖਵਿੰਦਰ ਸਿੰਘ ਭਾਈਆ,ਜੌਲੀ ਤੇ ਗੁਰਧਿਆਨ ਸਿੰਘ ਆਦਿ ਤੋਂ ਇਲਾਵਾ ਹੋਰ ਵੀ ਪਿੰਡਵਾਸੀ ਮੌਜੂਦ ਸਨ।

**ਪਿੰਡ ਮਹਿਤਾ ਵਿਖੇ ਵੱਡੀ ਗਿਣਤੀ 'ਚ ਇੱਕਤਰ ਹੋਏ ਸਮਰਥਕਾਂ ਨੇ ਲੱਡੂ ਵੰਡ ਕੇ ਖੁਸ਼ੀ ਜ਼ਾਹਿਰ ਕੀਤੀ**

ਆਵਾਜ਼ਿ ਕੌਮ AWAZE QAUM International Newspaper & WEB TV

ਬਾਪੂ ਤਰਸੇਮ ਸਿੰਘ ਜੀ ਬਾਬਾ ਬਿਬੇਕ ਸਿੰਘ ਨੇ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ

# ਸਰਪੰਚ ਬਲਦੇਵ ਸਿੰਘ ਦੇ ਪ੍ਰੀਵਾਰ ਨੂੰ ਗਹਿਰਾ ਸਦਮਾ, ਛੋਟੀ ਉਮਰ 'ਚ ਬੇਟੇ ਦਾ ਦਿਹਾਂਤ






**ਜੰਡਿਆਲਾ ਗੁਰੂ, 8 ਜੂਨ (ਕੁਲਵੰਤ ਸਿੰਘ ਵਿਰਦੀ)**-ਸਵਰਗਵਾਸੀ ਸਰਪੰਚ ਬਲਦੇਵ ਸਿੰਘ ਵਾਸੀ ਪਿੰਡ ਮੱਲੀਆਂ ਦੇ ਪੁੱਤਰ ਸੁਖਵਿੰਦਰ ਸਿੰਘ ਉਮਰ 34 ਸਾਲ ਅਕਾਲ ਪੁਰਖ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਹੋਇਆਂ ਇਸ ਫਾਨੀ ਸੰਸਾਰ ਨੂੰ ਸਦਾ ਲਈ ਛੱਡ ਕਿ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਅਤੇ ਸੁਖਵਿੰਦਰ ਸਿੰਘ ਦੇ ਜਾਣ ਨਾਲ ਪ੍ਰੀਵਾਰ ਨੂੰ ਗਹਿਰਾ ਸਦਮਾ ਲੱਗਾ ਅਤੇ ਸੁਖਵਿੰਦਰ ਸਿੰਘ ਆਪਣੇ ਪਿੱਛੇ ਪਤਨੀ ਅਮਰਬੀਰ ਕੌਰ 32 ਸਾਲ ਇਕ ਲੜਕਾ ਅਵਰਾਜ਼ ਸਿੰਘ ਉਮਰ 10 ਸਾਲ ਮਾਤਾ ਸੁਖਬੀਰ ਕੌਰ ਨੂੰ ਛੱਡ ਗਏ ਬੀਤੇ ਦਿਨ ਲੋਕ ਸਭਾ ਹਲਕਾ ਖਡੂਰ ਸਾਹਿਬ ਜੀ ਦੇ ਐਮ ਪੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਅਤੇ ਬਾਬਾ ਬਿਬੇਕ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਵੱਲੋਂ ਸੁਖਵਿੰਦਰ ਸਿੰਘ ਦੇ ਗ੍ਰਹਿ ਪਿੰਡ ਮੱਲੀਆਂ ਵਿਖੇ ਪਹੁੰਚ ਕੇ ਉਨ੍ਹਾਂ ਦੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਆਕਾਲ ਪੁਰਖ ਜੀ ਦਾ ਭਾਣਾ ਮੰਨਣਾ ਪੈਂਦਾ ਹੈ ਪਰ ਮਾਪਿਆਂ ਲਈ ਅਤੇ ਪ੍ਰੀਵਾਰ ਲਈ ਜ਼ਿੰਦਗੀ ਦੇ ਰਹਿੰਦੇ ਪਲਾਂ ਨੂੰ ਬਤੀਤ ਕਰਨਾ ਬਹੁਤ ਔਖਾ ਹੁੰਦਾ ਹੈ ਅਸੀਂ ਪਰਮਾਤਮਾ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਪ੍ਰਮਾਤਮਾ ਨੇ ਜਿੰਨੇ ਸਵਾਸ ਬਖਸ਼ੇ ਹੁੰਦੇ ਹਨ ਮਨੁੱਖ ਨੂੰ ਉਨੇ ਹੀ ਭੋਗਣੇ ਪੈਂਦੇ ਹਨ ਪਰ ਸੁਖਵਿੰਦਰ ਸਿੰਘ ਦਾ ਛੋਟੀ ਉਮਰ ਵਿਚ ਇਸ ਸੰਸਾਰ ਤੋਂ ਚਲੇ ਜਾਣਾ ਪ੍ਰੀਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ ਵਾਹਿਗੁਰੂ ਜੀ ਪ੍ਰੀਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।ਸੁਖਵਿੰਦਰ ਸਿੰਘ ਦੀ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ 12 ਜੂਨ ਦਿਨ ਬੁੱਧਵਾਰ ਨੂੰ ਪਾਏ ਜਾਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਕੈਨੇਡੀਅਨ ਸਿੱਖਾਂ ਵੱਲੋਂ ਵੈਂਕੂਵਰ ਵਿਖੇ ਭਾਰਤ ਦੀ ਅੰਬੈਸੀ ਸਾਹਮਣੇ ਤੀਜੇ ਘੱਲੂਘਾਰੇ ਦੇ ਸ਼ਹੀਦਾਂ ਨੂੰ ਦੀ ਯਾਦ ਨੂੰ ਸਮਰਪਿਤ ਹੋਏ ਭਾਰੀ ਰੋਸ ਪ੍ਰਦਰਸ਼ਨ




ਨਵੀਂ ਦਿੱਲੀ 8 ਜੂਨ (ਮਨਪ੍ਰੀਤ ਸਿੰਘ ਖਾਲਸਾ):-ਵੈਨਕੂਵਰ ਦੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸਿੱਖ ਜਥੇਬੰਦੀਆਂ ਵੱਲੋ ਜੂਨ 1984 ਦੇ ਭਾਰਤੀ ਹਮਲੇ ਜੀ ਯਾਦ ਵਿੱਚ ਦਰਬਾਰ ਸਾਹਿਬ ਦੇ ਦਰਸ਼ਨਾਂ ਲਈ ਗਏ ਸਰਧਾਲੂਆਂ, ਦਰਬਾਰ ਸਾਹਿਬ ਦੀ ਰਾਖੀ ਕਰਦੇ ਹੋਏ ਸ਼ਹੀਦ ਸਿੰਘਾਂ ਬਜ਼ੁਰਗਾਂ ਬੱਚਿਆਂ ਬੀਬੀਆਂ ਦੀਆਂ ਪਵਿੱਤਰ ਸ਼ਹੀਦੀਆਂ ਨੂੰ ਯਾਦ ਕਰਦੇ ਹੋਏ ਭਾਰਤੀ ਕੌਂਸਲੇਟ ਵੈਨਕੂਵਰ ਕਨੇਡਾ ਦੇ ਮੂਹਰੇ ਰੋਹ ਭਰਿਆ ਮੁਜ਼ਾਹਰਾ ਕੀਤਾ ਗਿਆ । ਇਸ ਮੌਕੇ ਸਿਖ ਐਸਐਫਜੇ ਦੇ ਸਹਿਯੋਗ ਨਾਲ ਭਾਈ ਮਨਜਿੰਦਰ ਸਿੰਘ ਖਾਲਸਾ ਨੇ ਭਾਈ ਸਤਵੰਤ ਸਿੰਘ ਅਤੇ ਬੇਅੰਤ ਸਿੰਘ ਵੱਲੋਂ ਇੰਦਰਾ ਗਾਂਧੀ ਨੂੰ ਓਸ ਦੇ ਕੀਤੇ ਦੀ ਸਜ਼ਾ ਦਿੱਤੇ ਜਾਂਦਿਆਂ ਦਿਖਾਉਂਦਾ ਇੱਕ ਫਲੋਟ ਜੋ ਭਾਰਤ ਦੀ ਅੰਬੈਸੀ ਸਾਹਮਣੇ ਤਿਆਰ ਕੀਤਾ ਗਿਆ ਸੀ ਜੋ ਖਿੱਚ ਦਾ ਕੇਂਦਰ ਬਣਿਆ ਰਿਹਾ। ਇਸ ਰੋਸ ਮੁਜਾਹਿਰੇ ਅੰਦਰ ਵੱਡੀ ਗਿਣਤੀ ਵਿੱਚ ਵੈਨਕੂਵਰ ਦੀਆਂ ਸਿੱਖ ਸੰਗਤਾਂ ਨੇ ਭਾਗ ਲਿਆ ਪੰਥਕ ਬੁਲਾਰਿਆਂ ਵਿੱਚ ਵਿਸ਼ੇਸ਼ ਤੌਰ ਤੇ ਐਸਐਫਜੇ ਸਰਦਾਰ ਅਵਤਾਰ ਸਿੰਘ ਪੰਨੂ, ਸਰਦਾਰ ਬਿਕਰਮਜੀਤ ਸਿੰਘ, ਸਰਦਾਰ ਗੁਰਦਿਆਲ ਸਿੰਘ ਅਤੇ ਸਰਦਾਰ ਮਹਿੰਦਰ ਸਿੰਘ, ਬੱਚੀ ਇਮਰਨ ਕੌਰ ਪਹੁੰਚੇ ਹੋਏ ਸਨ । ਗੁਰੂ ਨਾਨਕ ਸਿੱਖ ਗੁਰਦੁਆਰਾ ਦੇ ਸੇਵਾਦਾਰ ਭਾਈ ਗੁਰਮੀਤ ਸਿੰਘ ਤੂਰ, ਭਾਈ ਭੁਪਿੰਦਰ ਸਿੰਘ ਹੋਠੀ, ਭਾਈ ਨਰਿੰਦਰ ਸਿੰਘ ਖਾਲਸਾ, ਭਾਈ ਗੁਰਭੇਜ ਸਿੰਘ, ਭਾਈ ਮਲਕੀਤ ਸਿੰਘ ਫੌਜੀ ਵੀਂ ਇਸ ਮੌਕੇ ਹਾਜਿਰ ਸਨ । ਪੰਥਕ ਬੁਲਾਰਿਆਂ ਨੇ ਉੱਥੇ ਹਾਜਿਰ ਸੰਗਤਾਂ ਨੂੰ ਸ੍ਰੀ ਦਰਬਾਰ ਸਾਹਿਬ ਅਤੇ ਹੋਰ ਗੁਰਦੁਆਰਾ ਸਾਹਿਬਾਨਾਂ ਤੇ ਕੀਤੀ ਗਈ ਦਹਿਸ਼ਤ ਗਰਦੀ ਬਾਰੇ ਦਸਦਿਆਂ ਸਮੇਂ ਦੀ ਤਤਕਾਲੀ ਸਰਕਾਰ ਦੀ ਘੋਰ ਨਿਖੇਧੀ ਕੀਤੀ ਗਈ ਉਪਰੰਤ ਸਿੱਖ ਕੌਮ ਦੇ ਚਲ ਰਹੇ ਮੌਜੂਦਾ ਸੰਘਰਸ਼ ਨੂੰ ਖਾਲਸਾ ਰਾਜ ਦੀ ਪ੍ਰਾਪਤੀ ਲਈ ਹੋਰ ਤਿੱਖਾ ਕਰਣ ਦਾ ਅਹਿਦ ਕੀਤਾ ਗਿਆ ।

ਆਵਾਜ਼ਿ ਕੌਮ AWAZE QAUM International Newspaper & WEB TV

# ਮਰਵਾਹਾ ਦੀ ਅਗਵਾਈ 'ਚ ਅੰਮ੍ਰਿਤਸਰ ਦੀਆਂ ਵਪਾਰਕ ਜਥੇਬੰਦੀਆਂ ਵੱਲੋਂ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਅਤੇ ਡੀ.ਸੀ.ਪੀ ਦਾ ਸਨਮਾਨ

## ਅੰਮ੍ਰਿਤਸਰਵਾਸੀ ਸੀ.ਪੀ ਭੁੱਲਰ ਦੇ ਸਦਾ ਰਿਣੀ ਰਹਿਣਗੇ - ਮਰਵਾਹਾ



**ਚੌਕ ਮਹਿਤਾ, 8 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)** - ਵਰਲਡ ਸਿੱਖ ਚੈਂਬਰ ਆਫ ਕਾਮਰਸ, ਟਰੇਡ ਤੇ ਇੰਡਸਟਰੀ ਐਸੋਸੀਏਸ਼ਨ, ਅੰਮ੍ਰਿਤਸਰ ਵਿਕਾਸ ਮੰਚ ਅਤੇ ਹੋਰ ਵਪਾਰਕ ਜਥੇਬੰਦੀਆਂ ਦਾ ਵਫਦ ਚੈਂਬਰ ਦੇ ਪ੍ਰਧਾਨ ਅਤੇ ਉਘੇ ਉਦਯੋਗਪਤੀ ਰਜਿੰਦਰ ਸਿੰਘ ਮਰਵਾਹਾ ਦੀ ਅਗਵਾਈ ਵਿੱਚ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਅਤੇ ਡੀ.ਸੀ.ਪੀ ਲਾਅ ਐਂਡ ਆਰਡਰ ਆਲਮ ਵਿਜੇ ਸਿੰਘ ਨੂੰ ਮਿਲਿਆ ।ਇਸ ਮੌਕੇ ਟੈਕਸਟਾਈਲ ਮੈਨਿਉਫੈਕਚਰ ਐਸੋਸੀਏਸ਼ਨ ਦੇ ਜਨਰਲ ਸੈਕਟਰੀ ਰਾਜੀਵ ਖੰਨਾ,ਡਰੀਮ ਸਿਟੀ ਕਾਲੋਨੀ ਦੇ ਮਾਲਕ ਦਲਬੀਰ ਸਿੰਘ ਬੇਦੀ, ਟ੍ਰੇਡ ਐਂਡ ਇੰਡਸਟਰੀ ਦੇ ਵਾਇਸ ਪ੍ਰਧਾਨ ਹਰਪਾਲ ਸਿੰਘ ਆਹਲੂਵਾਲੀਆ,ਗੋਲਡ ਸਮਿਥ ਐਸੋਸੀਏਸ਼ਨ ਦੇ ਪ੍ਰਧਾਨ ਚਰਨਜੀਤ ਸਿੰਘ ਪੂਜੀ,ਅੰਮ੍ਰਿਤਸਰ ਵਿਕਾਸ ਮੰਚ ਤੋਂ ਪ੍ਰਿੰਸੀਪਲ ਕੁਲਵੰਤ ਸਿੰਘ ਅਣਖੀ,ਕੁਲਵਿੰਦਰ ਸਿੰਘ ਮਰਵਾਹਾ,ਵਿਕਾਸ ਸ਼ਰਮਾ,ਇੰਦਰਜੀਤ ਸਿੰਘ ਜਨਰਲ ਮੈਨੇਜਰ, ਪ੍ਰਵੀਨ ਗੁਪਤਾ ਆਦਿ ਹਾਜ਼ਰ ਸਨ ।ਇਸ ਮੌਕੇ ਮਰਵਾਹਾ ਨੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਜਿੰਨ੍ਹਾਂ ਦਾ ਇਥੋਂ ਤਬਾਦਲਾ ਹੋ ਗਿਆ ਹੈ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾ ਦੇ ਕਾਰਜਕਾਲ ਦੌਰਾਨ ਅੰਮ੍ਰਿਤਸਰ ਦੇ ਵਿੱਚ ਕ੍ਰਾਇਮ, ਲੁਟ ਖੋਹ ਘਟੀ ਸੀ ਅਤੇ ਟ੍ਰੈਫਿਕ ਸਮੱਸਿਆ ਤੋਂ ਕਾਫੀ ਹੱਦ ਤੱਕ ਰਾਹਤ ਮਿਲੀ ਸੀ ।ਮਰਵਾਹਾ ਨੇ ਕਿਹਾ ਕਿ ਅੱਜ ਅਸੀਂ ਸ਼ਾਂਤਮਈ ਚੋਣਾਂ ਕਰਵਾਉਣ ਦੇ ਕਾਰਨ ਸੀ.ਪੀ ਗੁਰਪ੍ਰੀਤ ਸਿੰਘ ਭੁੱਲਰ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕਰਨ ਲਈ ਇਕੱਠੇ ਹੋਏ ਹਾਂ.ਇਸ ਮੌਕੇ ਵਫਦ ਵੱਲੋਂ ਡੀ.ਸੀ.ਪੀ ਆਲਮ ਵਿਜੇ ਸਿੰਘ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV